SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 192** | **Monday, 21 October 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਭਾਰਤ-ਕੈਨੇਡਾ ਤਨਾਅ: ਹੁਣ ਕੈਨੇਡਾ ਦੀ ਵਿਦੇਸ਼ ਮੰਤਰੀ ਨੇ ਭਾਰਤੀ ਡਿਪਲੋਮੈਟਾਂ 'ਤੇ ਕੈਨੇਡੀਅਨ ਜਾਨਾਂ ਨੂੰ ਖ਼ਤਰੇ ਦੀ ਗੱਲ ਦੁਹਰਾਈ

ਓਟਵਾ, 20 ਅਕਤੂਬਰ (ਪੋਸਟ ਬਿਊਰੋ): ਭਾਰਤ ਅਤੇ ਕੈਨੇਡਾ ਦਰਮਿਆਨ ਵਿਵਾਦ ਰੁਕ ਨਹੀਂ ਰਿਹਾ, ਦੋਹੇ ਦੇਸ਼ ਇਕ ਦੂਜੇ ਦੇ ਡਿਲੋਮੈਟਸ ਨੂੰ ਆਪਣੇ ਦੇਸ਼ ਵਿਚੋਂ ਕੱਢ ਰਹੇ ਹਨ। ਹੁਣ ਕੈਨੇਡਾ ਦੀ ਵਿਦੇਸ਼ ਮੰਤਰੀ ਮੇਲਾਨੀ ਜੌਲੀ ਨੇ ਭਾਰਤੀ ਡਿਪਲੋਮੈਟਾਂ 'ਤੇ ਕੈਨੇਡੀਅਨ ਜਾਨਾਂ ਨੂੰ ਖ਼ਤਰੇ ਵਿੱਚ ਦੀ ਗੱਲ ਦੁਹਰਾਈ ਹੈ। ਕੈਨੇਡਾ ਦੀ ਵਿਦੇਸ਼ ਮੰਤਰੀ ਮੇਲਾਨੀ ਜੌਲੀ ਨੇ ਕਿਹਾ ਹੈ ਕਿ ਭਾਰਤੀ ਡਿਪਲੋਮੈਟ 'ਤੇ ਹਰਦੀਪ ਸਿੰਘ ਨਿੱਝਰ ਦੇ ਬ੍ਰਿਟਿਸ਼ ਕੋਲੰਬੀਆ ਵਿੱਚ ਗੋਲੀ ਮਾਰ ਕੇ ਮਾਰੇ ਜਾਣ ਦੀਆਂ ਕਾਰਵਾਈਆਂ ਵਿੱਚ ਸ਼ਾਮਿਲ ਸਨ। ਵਿਦੇਸ਼ ਮੰਤਰੀ ਮੇਲਾਨੀ ਜੌਲੀ ਨੇ ਕਿਹਾ ਕਿ ਕੈਨੇਡਾ ਵਿੱਚ ਬਾਕੀ ਰਹਿੰਦੇ ਭਾਰਤੀ ਡਿਪਲੋਮੈਟਾਂ ਨੂੰ ਕੈਨੇਡੀਅਨ ਜਾਨਾਂ ਨੂੰ ਖ਼ਤਰੇ ਵਿੱਚ ਨਾ ਪਾਉਣ ਲਈ ਸਪੱਸ਼ਟ ਤੌਰ 'ਤੇ ਨੋਟਿਸ ਦਿੱਤਾ ਗਿਆ ਹੈ, ਕਿਉਂਕਿ ਇੱਕ ਸਿੱਖ



ਵੱਖਵਾਦੀ ਦੀ ਹੱਤਿਆ ਵਿੱਚ ਭਾਰਤ ਦੀ ਸ਼ਮੂਲੀਅਤ ਦੇ ਦੋਸ਼ਾਂ ਨੂੰ ਲੈ ਕੇ ਦੋਨਾਂ ਦੇਸ਼ਾਂ ਦਰਮਿਆਨ ਤਣਾਅ ਵਧਦਾ ਜਾ ਰਿਹਾ ਹੈ।

ਇਸ ਹਫ਼ਤੇ ਦੇ ਸ਼ੁਰੂ ਵਿੱਚ ਕੈਨੇਡਾ ਵੱਲੋਂ ਭਾਰਤ ਦੇ ਹਾਈ ਕਮਿਸ਼ਨਰ ਅਤੇ ਪੰਜ ਹੋਰ ਡਿਪਲੋਮੈਟਾਂ ਨੂੰ ਕੈਨੇਡਾ ਵਿੱਚ ਸਿੱਖ ਵੱਖਵਾਦੀਆਂ ਖ਼ਿਲਾਫ਼ ਹਿੰਸਾ ਅਤੇ ਡਰਾਉਣ-ਧਮਕਾਉਣ ਦੀ ਮੁਹਿੰਮ ਨਾਲ ਜੁੜੇ ਹੋਣ ਦਾ ਦੋਸ਼ ਲਾਉਂਦਿਆਂ ਉਨ੍ਹਾਂ ਨੂੰ ਦੇਸ਼ ਵਿੱਚੋਂ ਕੱਢ ਦਿੱਤਾ ਗਿਆ ਸੀ। ਮੇਲਾਨੀ ਜੌਲੀ ਨੇ ਕਿਹਾ ਕਿ ਅਸੀਂ ਆਪਣੇ ਇਤਿਹਾਸ ਵਿੱਚ ਅਜਿਹਾ ਕਦੇ ਨਹੀਂ ਦੇਖਿਆ। ਅੰਤਰਰਾਸ਼ਟਰੀ ਦਮਨ ਦਾ ਉਹ ਪੱਧਰ ਕੈਨੇਡੀਅਨ ਧਰਤੀ 'ਤੇ ਨਹੀਂ ਹੋ ਸਕਦਾ। ਅਸੀਂ ਇਸਨੂੰ ਯੂਰਪ ਵਿੱਚ ਕਿਤੇ ਹੋਰ ਦੇਖਿਆ ਹੈ। ਰੂਸ ਨੇ ਜਰਮਨੀ ਅਤੇ ਯੂਕੇ ਵਿੱਚ ਅਜਿਹਾ ਕੀਤਾ ਹੈ ਅਤੇ ਸਾਨੂੰ ਇਸ ਮੁੱਦੇ 'ਤੇ ਮਜ਼ਬੂਤੀ ਨਾਲ ਖੜ੍ਹੇ ਹੋਣ ਦੀ ਲੋੜ ਹੈ।

ਇਹ ਪੁੱਛੇ ਜਾਣ 'ਤੇ ਕਿ ਕੀ ਹੋਰ ਭਾਰਤੀ ਡਿਪਲੋਮੈਟਾਂ ਨੂੰ ਕੱਢ ਦਿੱਤਾ ਜਾਵੇਗਾ, ਜੌਲੀ ਨੇ ਕਿਹਾ: "ਉਹ ਸਪੱਸ਼ਟ ਤੌਰ 'ਤੇ ਨੋਟਿਸ 'ਤੇ ਹਨ। ਇਨ੍ਹਾਂ ਵਿੱਚੋਂ ਛੇ ਨੂੰ ਕੱਢ ਦਿੱਤਾ ਗਿਆ ਹੈ ਜਿਸ ਵਿੱਚ ਓਟਵਾ ਦੇ ਹਾਈ ਕਮਿਸ਼ਨਰ ਵੀ ਸ਼ਾਮਿਲ ਹਨ। ਦੂਸਰੇ ਮੁੱਖ ਤੌਰ 'ਤੇ ਟੋਰਾਂਟੋ ਅਤੇ ਵੈਨਕੂਵਰ ਦੇ ਸਨ ਅਤੇ ਅਸੀਂ ਕਿਸੇ ਵੀ ਡਿਪਲੋਮੈਟ ਨੂੰ ਜੋ ਵਿਏਨਾ ਸੰਮੇਲਨ ਦੀ ਉਲੰਘਣਾ ਕਰਦੇ ਹਨ ਬਰਦਾਸ਼ਤ ਨਹੀਂ ਕਰਾਂਗੇ।

## ਟੋਰਾਂਟੋ ਦੇ ਪੱਛਮੀ ਐਂਡ 'ਤੇ ਚਾਰ ਵਾਹਨਾਂ ਦੀ ਟੱਕਰ ਕਾਰਨ ਆਵਾਜਾਈ ਪ੍ਰਭਾਵਿਤ



ਟੋਰਾਂਟੋ, 20 ਅਕਤੂਬਰ (ਪੋਸਟ ਬਿਊਰੋ): ਐਤਵਾਰ ਸ਼ਾਮ ਨੂੰ ਟੋਰਾਂਟੋ ਦੇ ਯਾਰਕ ਇਲਾਕੇ ਕੋਲ ਚਾਰ ਵਾਹਨਾਂ ਦੀ ਟੱਕਰ ਕਾਰਨ ਆਵਾਜਾਈ ਪ੍ਰਭਾਵਿਤ ਹੋਈ।

ਪੁਲਿਸ ਨੇ ਦੱਸਿਆ ਕਿ ਇਹ ਹਾਦਸਾ ਰੋਜਰਜ਼ ਰੋਡ ਦੇ ਉੱਤਰ ਵਿੱਚ ਕੀਲ ਅਤੇ ਡੋਨਾਲਡ ਏਵੇਨਿਊ ਦੇ ਚੁਰਾਸਤੇ 'ਤੇ ਸ਼ਾਮ ਕਰੀਬ 6 ਵਜੇ ਹੋਇਆ, ਇਸ ਦੌਰਾਨ ਇੱਕ ਵਾਹਨ ਪਲਟ ਗਿਆ।

ਉਨ੍ਹਾਂ ਨੇ ਦੱਸਿਆ ਕਿ ਇੱਕ ਔਰਤ ਨੂੰ ਹਸਪਤਾਲ ਲਿਜਾਇਆ ਗਿਆ, ਜਿਸਦੀ ਹਾਲਤ ਗੰਭੀਰ ਨਹੀਂ ਹੈ। ਫਿਲਹਾਲ, ਦੱਖਣ ਵੱਲ ਜਾਣ ਵਾਲੀ ਕੀਲ ਸਟਰੀਟ ਰਾਦਰਹੈਮ ਏਵੇਨਿਊ ਬੰਦ ਹੈ, ਜਦੋਂਕਿ ਉੱਤਰ ਵੱਲ ਜਾਣ ਵਾਲੀ ਕੀਲ ਡਨਰੇਵਨ ਡਰਾਈਵ ਬੰਦ ਹੈ। ਪੁਲਿਸ ਦਾ ਕਹਿਣਾ ਹੈ ਕਿ ਵਾਹਨ ਚਾਲਕਾਂ ਨੂੰ ਵਿਕਲਪਿਕ ਮਾਰਗਾਂ 'ਤੇ ਵੀ ਵਿਚਾਰ ਕਰਣਾ ਚਾਹੀਦਾ ਹੈ।

## ਕੈਨੇਡਾ ਵਿਚ ਬ੍ਰਿਟਿਸ਼ ਕੋਲੰਬੀਆ ਵਿਧਾਨਸਭਾ ਚੋਣਾਂ ਵਿਚ 14 ਪੰਜਾਬੀ ਉਮੀਦਵਾਰਾਂ ਨੇ ਕੀਤੀ ਜਿੱਤ ਹਾਸਿਲ, ਰਾਜਨੀਤੀ 'ਚ ਵਧਿਆ ਪ੍ਰਭਾਵ

### ਐੱਨ.ਡੀ.ਪੀ. ਨੂੰ 46, ਕੰਜ਼ਰਵੇਟਿਵ ਪਾਰਟੀ ਨੂੰ 45 ਅਤੇ ਗਰੀਨ ਪਾਰਟੀ ਨੂੰ 2 ਸੀਟਾਂ ਮਿਲੀਆਂ

ਟੋਰਾਂਟੋ, 20 ਅਕਤੂਬਰ (ਪੋਸਟ ਬਿਊਰੋ): ਜਿੱਥੇ ਇੱਕ ਪਾਸੇ ਭਾਰਤ-ਕੈਨੇਡਾ ਦੇ ਰਿਸ਼ਤਿਆਂ ਵਿਚ ਤਨਾਅ ਬਣਿਆ ਹੋਇਆ ਹੈ ਉੱਥੇ ਹੀ ਦੂਜੇ ਪਾਸੇ ਬ੍ਰਿਟਿਸ਼ ਕੋਲੰਬੀਆ ਦੀਆਂ ਵਿਧਾਨਸਭਾ ਚੋਣਾਂ ਕਰਕੇ ਮਾਹੌਲ ਗਰਮਾਇਆ ਹੋਇਆ ਹੈ। 93 ਮੈਂਬਰੀ ਵਿਧਾਨ ਸਭਾ ਲਈ ਅੱਜ ਵੋਟਾਂ ਪਾਉਣ ਦਾ ਆਖਰੀ ਦਿਨ ਸੀ। ਇਸ ਦੇ ਚਲਦੇ ਇਨ੍ਹਾਂ ਚੋਣਾਂ ਵਿਚ ਭਾਰਤੀ ਮੂਲ ਦੇ 14 ਉਮੀਦਵਾਰਾਂ ਨੇ ਜਿੱਤ ਹਾਸਿਲ ਕੀਤੀ ਹੈ। ਜਿਸ ਨਾਲ ਕੈਨੇਡਾ ਦੀ ਰਾਜਨੀਤੀ ਵਿਚ ਭਾਰਤੀਆਂ ਦਾ ਪ੍ਰਭਾਵ ਵਧਿਆ ਹੈ। 57.41 ਪ੍ਰਤੀਸ਼ਤ ਵੋਟਾਂ ਪੋਲ ਹੋਈਆਂ ਹਨ। ਹੁਣ ਤੱਕ 98.5 ਪ੍ਰੀਤਸ਼ਤ ਵੋਟਾਂ ਦੀ ਗਿਣਤੀ ਹੋ ਚੁੱਕੀ ਸੀ ਜਿਨ੍ਹਾਂ ਅਨੁਸਾਰ ਐੱਨ.ਡੀ.ਪੀ. ਨੂੰ 46, ਕੰਸਰਵੇਟਿਵ ਪਾਰਟੀ ਨੂੰ 45 ਅਤੇ ਗਰੀਨ ਪਾਰਟੀ ਨੂੰ 2 ਸੀਟਾਂ 'ਤੇ ਜਿੱਤ ਹਾਸਿਲ ਹੋਈ ਹੈ ਪਰ ਅੰਤਿਮ ਨਤੀਜੇ ਡਾਕ ਰਾਹੀਂ ਆਈਆਂ ਵੋਟਾਂ ਦੀ



ਗਿਣਤੀ ਉਪਰੰਤ ਸਾਹਮਣੇ ਆਉਣਗੇ। ਇਨ੍ਹਾਂ ਚੋਣਾਂ ਵਿਚ ਐਨ.ਡੀ.ਪੀ. ਦੇ ਲੀਡਰ ਅਤੇ ਮੌਜੂਦਾ ਸਰਕਾਰ ਦੇ ਪ੍ਰੀਮੀਅਰ ਡੇਵਿਡ ਈਬੀ ਅਤੇ ਕੰਜ਼ਰਵੇਟਿਵ ਪਾਰਟੀ ਦੇ ਲੀਡਰ ਜੋਹਨ ਰਸਟੈੱਡ ਆਪੋ ਆਪਣੀ ਸੀਟ ਤੋਂ ਜਿੱਤ ਹਾਸਲ ਕਰ ਚੁੱਕੇ ਹਨ ਜਦੋਂ ਕਿ ਗਰੀਨ ਪਾਰਟੀ ਦੀ ਲੀਡਰ ਆਪਣੀ ਚੋਣ ਹਾਰ ਗਈ ਹੈ।

ਜ਼ਿਕਰਯੋਗ ਹੈ ਇਨ੍ਹਾਂ ਚੋਣਾਂ ਵਿਚ ਸਰੀ ਦੀਆਂ 10 ਵਿਧਾਨ ਸਭਾ ਸੀਟਾਂ ਲਈ ਕੁੱਲ 37 ਉਮੀਦਵਾਰ ਮੈਦਾਨ ਸਨ ਜਿਨ੍ਹਾਂ ਵਿੱਚੋਂ 21 ਉਮੀਦਵਾਰ ਪੰਜਾਬੀ ਸਨ ਅਤੇ ਕੁੱਲ ਮਿਲਾ ਕੇ 37 ਪੰਜਾਬੀ ਉਮੀਦਵਾਰਾਂ ਨੇ ਇਨ੍ਹਾਂ ਚੋਣਾਂ ਵਿਚ ਹਿੱਸਾ ਲਿਆ ਜਿਨ੍ਹਾਂ ਵਿੱਚੋਂ ਚੋਣਾਂ ਦੇ ਹੁਣ ਤੱਕ ਦੇ ਨਤੀਜਿਆਂ ਅਨੁਸਾਰ 14 ਪੰਜਾਬੀ ਉਮੀਦਵਾਰਾਂ ਨੇ ਜਿੱਤ ਹਾਸਿਲ ਕਰ ਕੇ ਨਵਾਂ ਰਿਕਾਰਡ ਸਥਾਪਿਤ ਕੀਤਾ ਹੈ।

ਜੇਤੂ ਰਹੇ ਐੱਨ.ਡੀ.ਪੀ. ਉਮੀਦਵਾਰ: ਰਾਜ ਚੌਹਾਨ, ਜੈਸੀ ਸੁੰਨੜ, ਜਗਰੂਪ ਬਰਾੜ, ਰਵੀ ਕਾਹਲੋਂ, ਨਿੱਕੀ ਸ਼ਰਮਾ, ਹਰਵਿੰਦਰ ਸੰਧੂ, ਸੁਨੀਤਾ ਧਰਿ, ਰਵੀ ਪਰਮਾਰ, ਰੀਆ ਅਰੋੜਾ।

ਕੰਜ਼ਰਵੇਟਿਵ ਪਾਰਟੀ ਦੇ ਜੇਤੂ ਪੰਜਾਬੀ ਉਮੀਦਵਾਰ: ਮਨਦੀਪ ਧਾਲੀਵਾਲ, ਹੋਨਵੀਰ ਰੰਧਾਵਾ, ਹਰਮਨ ਭੰਗੂ, ਜੋਡੀ ਤੂਰ, ਸਟੀਵ ਕੂਨਰ।

ਹਾਰਨ ਵਾਲੇ ਪ੍ਰਮੁੱਖ ਪੰਜਾਬੀ ਉਮੀਦਵਾਰਾਂ ਵਿਚ ਸਾਬਕਾ ਮੰਤਰੀ ਰਚਨਾ ਸਿੰਘ, ਸਾਬਕਾ ਐੱਮ.ਐੱਲ.ਏ. ਜਿੰਨੀ ਸਿਮਸ, ਸਾਬਕਾ ਐੱਮ.ਐੱਲ.ਏ. ਅਮਨ ਸਿੰਘ, ਬਲਤੇਜ ਸਿੰਘ ਢਿੱਲੋਂ, ਤੇਗਜੋਤ ਬੱਲ, ਸਿਮ ਸੰਧੂ, ਦੀਪਕ ਸੂਰੀ, ਅਵਤਾਰ ਸਿੰਘ ਗਿੱਲ, ਕਿਰਨ ਹੁੰਦਲ, ਧਰਮ ਕਾਜਲ, ਜਗ ਸਿੰਘ ਸੰਘੇੜਾ, ਸੈਮ ਅਟਵਾਲ, ਕਮਲ ਗਰੇਵਾਲ, ਸਾਰਾ ਕੂਨਰ ਅਤੇ ਮਨਜੀਤ ਸਹੋਤਾ ਸ਼ਾਮਿਲ ਹਨ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical
Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd
Unit 15
Brampton, ON L6S 0C2

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੈਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



## ਅੱਜ ਨਾਮਾ

ਹਰਿਆਣੇ ਵਿੱਚੋਂ ਹੈ ਬੋਲਿਆ ਸਿੱਖ ਆਗੂ,
ਵਲਟੋਹੇ ਵਾਲੀ ਹੀ ਗੱਲ ਦੁਹਰਾਈ ਬੇਲੀ।
ਸਿੰਘ ਸਾਹਿਬਾਂ ਦਾ ਲਿਆ ਈ ਚੁੱਕ ਮੁੱਦਾ,
ਭਾਜਪਾ ਸਾਂਝ ਦੀ ਊਜ ਉਸ ਲਾਈ ਬੇਲੀ।
ਕੀ ਕੁਝ ਵਿੱਚ ਹਰਿਆਣੇ ਆ ਨਿੱਤ ਹੁੰਦਾ,
ਆਪਣੀ ਉਹਦੀ ਆ ਗੱਲ ਭੁਲਾਈ ਬੇਲੀ।
ਬਹਿਸ ਪਹਿਲੀ ਸੀ ਜਾਪਦੀ ਠੱਪ ਜਿਹੜੀ,
ਉਸ ਦੀ ਚਾਬੀ ਉਸ ਫੇਰ ਘੁੰਮਾਈ ਬੇਲੀ।
ਬੋਲਿਆ ਇੱਕ ਫੇਰ ਬੋਲ ਪਊ ਹੋਰ ਕੋਈ,
ਰਹਿਣੀ ਲੱਗੀ ਫਿਰ ਏਦਾਂ ਦੀ ਲੜੀ ਬੇਲੀ।
ਬਾਤਅਕਲ ਦੀ ਕਿਸੇ ਵੀ ਆਖਣੀ ਨਹੀਂ,
ਲੱਗੀ ਰਹਿਣੀ ਬੱਸ ਦੋਸ਼ਾਂ ਦੀ ਝੜੀ ਬੇਲੀ।

**ਤੀਸ ਮਾਰ ਖਾਂ**

## ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਦੇ ਘਰ 'ਤੇ ਡਰੋਨ ਹਮਲਾ



ਯੇਰੂਸ਼ਲਮ, 20 ਅਕਤੂਬਰ (ਪੋਸਟ ਬਿਊਰੋ): ਹਿਜ਼ਬੁੱਲਾ ਨੇ ਸ਼ਨੀਵਾਰ ਨੂੰ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਘਰ 'ਤੇ ਡਰੋਨ ਹਮਲਾ ਕੀਤਾ। ਜਾਣਕਾਰੀ ਅਨੁਸਾਰ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਦਫ਼ਤਰ ਨੇ ਵੀ ਇਸ ਗੱਲ ਦੀ ਪੁਸ਼ਟੀ ਕੀਤੀ ਹੈ। ਪੀਐੱਮਓ ਨੇ ਕਿਹਾ ਕਿ ਜਦੋਂ ਹਮਲਾ ਹੋਇਆ ਤਾਂ ਪ੍ਰਧਾਨ ਮੰਤਰੀ ਨੇਤਨਯਾਹੂ ਅਤੇ ਉਨ੍ਹਾਂ ਦੀ ਪਤਨੀ ਘਰ ਵਿੱਚ ਨਹੀਂ ਸਨ। ਫਿਲਹਾਲ ਇਸ ਘਟਨਾ 'ਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ।

ਇਜ਼ਰਾਈਲੀ ਸੁਰੱਖਿਆ ਬਲਾਂ ਨੇ ਹਮਲੇ ਦੀ ਪੁਸ਼ਟੀ ਕੀਤੀ ਹੈ ਅਤੇ ਕਿਹਾ ਹੈ ਕਿ ਡਰੋਨ ਇੱਕ ਖੁੱਲ੍ਹੇ ਖੇਤਰ ਵਿੱਚ ਡਿੱਗਿਆ ਅਤੇ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਕੁਝ ਲੋਕਾਂ ਦੇ ਜ਼ਖ਼ਮੀ ਹੋਣ ਦੀ ਖਬਰ ਹੈ। ਸਵੇਰੇ ਹਾਈਫਾ ਖੇਤਰ ਵਿੱਚ ਵੱਜਣ ਵਾਲੇ ਚੇਤਾਵਨੀ ਸਾਇਰਨ ਲੇਬਨਾਨ ਤੋਂ ਦਾਗੇ ਗਏ ਇੱਕ ਰਾਕੇਟ ਦੇ ਹਮਲੇ ਨਾਲ ਵੱਜਣੇ ਸ਼ੁਰੂ ਹੋਏ ਸਨ।

# ਪ੍ਰਬੋਵੋ ਸੁਬੀਆਂਤੋ ਨੇ ਇੰਡੋਨੇਸ਼ੀਆ ਦੇ ਅੱਠਵੇਂ ਰਾਸ਼ਟਰਪਤੀ ਵਜੋਂ ਚੁੱਕੀ ਸਹੁੰ

ਜਕਾਰਤਾ, 20 ਅਕਤੂਬਰ (ਪੋਸਟ ਬਿਊਰੋ): ਪ੍ਰਬੋਵੋ ਸੁਬੀਆਂਤੋ ਨੇ ਐਤਵਾਰ ਨੂੰ ਸਭ ਤੋਂ ਜ਼ਿਆਦਾ ਮੁਸਲਿਮ ਆਬਾਦੀ ਵਾਲੇ ਦੇਸ਼ ਇੰਡੋਨੇਸ਼ੀਆ ਦੇ ਅੱਠਵੇਂ ਰਾਸ਼ਟਰਪਤੀ ਵਜੋਂ ਸਹੁੰ ਚੁਕੀ। ਸਾਬਕਾ ਰੱਖਿਆ ਮੰਤਰੀ ਪ੍ਰਬੋਵੋ ਸੁਬੀਆਂਤੋ (73) ਨੇ ਦੂਜੇ ਦੇਸ਼ਾਂ ਤੋਂ ਸੱਦੇ ਗਏ ਸੰਸਦ ਮੈਂਬਰਾਂ ਅਤੇ ਪਤਵੰਤਿਆਂ ਦੇ ਸਾਹਮਣੇ ਮੁਸਲਮਾਨਾਂ ਦੇ ਪਵਿੱਤਰ ਗ੍ਰੰਥ ਕੁਰਾਨ 'ਤੇ ਹੱਥ ਰੱਖ ਕੇ ਰਾਸ਼ਟਰਪਤੀ ਵਜੋਂ ਸਹੁੰ ਚੁਕੀ, ਜਿਸ ਤੋਂ ਬਾਅਦ ਸੜਕਾਂ 'ਤੇ ਮੌਜੂਦ ਹਜ਼ਾਰਾਂ ਸਮਰਥਕਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ।

ਇੰਡੋਨੇਸ਼ੀਆ ਦੀ ਰਾਜਧਾਨੀ ਜਕਾਰਤਾ 'ਚ ਹੋਏ ਸਹੁੰ ਚੁੱਕ ਸਮਾਰੋਹ 'ਚ ਬਰਤਾਨੀਆਂ, ਫਰਾਂਸ, ਅਮਰੀਕਾ, ਸਾਊਦੀ ਅਰਬ, ਰੂਸ, ਦਖਣੀ ਕੋਰੀਆ, ਚੀਨ, ਆਸਟਰੇਲੀਆ ਅਤੇ ਹੋਰ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਸਮੇਤ 40 ਤੋਂ ਵੱਧ ਦੇਸ਼ਾਂ ਦੇ ਨੇਤਾ ਅਤੇ ਸੀਨੀਅਰ ਅਧਿਕਾਰੀ ਸ਼ਾਮਿਲ ਹੋਏ।



ਰਾਸ਼ਟਰਪਤੀ ਜੋਕੋ ਵਿਡੋਡੋ ਦੇ ਲੰਮੇ ਸਮੇਂ ਤੋਂ ਵਿਰੋਧੀ ਰਹੇ ਸੁਬੀਆਂਤੋ ਇਸ ਤੋਂ ਪਹਿਲਾਂ 2014 ਅਤੇ 2019 ਵਿਚ ਦੋ ਵਾਰ ਉਨ੍ਹਾਂ ਦੇ ਵਿਰੁਧ ਚੋਣ ਲੜ ਚੁਕੇ ਹਨ ਪਰ ਦੋਹਾਂ ਮੌਕਿਆਂ 'ਤੇ ਜੋਕੋ ਵਿਡੋਡੋ ਨੇ ਹਾਰ ਮੰਨਣ ਤੋਂ ਇਨਕਾਰ ਕਰ ਦਿਤਾ ਸੀ। ਹਾਲਾਂਕਿ, ਵਿਡੋਡੋ ਨੇ ਦੁਬਾਰਾ ਰਾਸ਼ਟਰਪਤੀ ਬਣਨ ਤੋਂ ਬਾਅਦ ਸੁਬੀਆਂਤੋ ਨੂੰ ਰੱਖਿਆ ਮੁਖੀ ਨਿਯੁਕਤ ਕੀਤਾ।

ਸੁਬੀਆਂਤੋ ਦੇ ਨਾਲ ਦੇਸ਼ ਦੇ ਨਵੇਂ ਉਪ ਰਾਸ਼ਟਰਪਤੀ ਜਿਬਰਾਨ ਰਾਕਾਬੁਮਿੰਗ ਰਾਕਾ (37) ਨੇ ਵੀ ਸਹੁੰ ਚੁਕੀ। ਉਹ ਸੁਰਕਾਰਤਾ ਦੇ ਮੇਅਰ ਰਹਿ ਚੁਕੇ ਹਨ। ਸੁਬੀਆਂਤੋ ਨੇ ਵਿਡੋਡੋ ਦੇ ਬੇਟੇ ਨੂੰ ਉਪ ਰਾਸ਼ਟਰਪਤੀ ਅਹੁਦੇ ਦਾ ਉਮੀਦਵਾਰ ਚੁਣਿਆ ਹੈ।

ਰਾਸ਼ਟਰਪਤੀ ਚੋਣ ਮੁਹਿੰਮ ਦੌਰਾਨ, ਸੁਬੀਆਂਤੋ ਨੇ ਕਈ ਅਰਬ ਡਾਲਰ ਦੀ ਲਾਗਤ ਨਾਲ ਇਕ ਨਵੀਂ ਰਾਜਧਾਨੀ ਬਣਾਉਣ ਅਤੇ ਘਰੇਲੂ ਉਦਯੋਗ ਨੂੰ ਹੁਲਾਰਾ ਦੇਣ ਲਈ ਕੱਚੇ ਮਾਲ ਦੇ ਆਯਾਤ ਨੂੰ ਰੋਕਣ ਵਰਗੀਆਂ ਪ੍ਰਮੁੱਖ ਨੀਤੀਆਂ ਨੂੰ ਜਾਰੀ ਰੱਖਣ ਦਾ ਵਾਅਦਾ ਕੀਤਾ ਸੀ।

ਵਿਡੋਡੋ ਦੇ ਸਮਰਥਨ ਅਤੇ ਅਪਣੀਆਂ ਨੀਤੀਆਂ ਨੂੰ ਜਾਰੀ ਰੱਖਣ ਦੇ ਵਾਅਦੇ ਨੇ ਸੁਬੀਆਂਤੋ ਨੂੰ ਫ਼ਰਵਰੀ ਦੀਆਂ ਸਿੱਧੀਆਂ ਰਾਸ਼ਟਰਪਤੀ ਚੋਣਾਂ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰਨ 'ਚ ਸਹਾਇਤਾ ਕੀਤੀ। ਇਸ ਤਰ੍ਹਾਂ ਉਨ੍ਹਾਂ ਨੇ ਇੰਡੋਨੇਸ਼ੀਆ ਦੀ ਫੌਜੀ ਤਾਨਾਸ਼ਾਹੀ ਦੇ ਕਾਲੇ ਦਿਨਾਂ ਦੌਰਾਨ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਦੋਸ਼ੀ ਸਾਬਕਾ ਜਨਰਲ ਤੋਂ ਰਾਸ਼ਟਰਪਤੀ ਬਣਨ ਤਕ ਦਾ ਸਫ਼ਰ ਪੂਰਾ ਕੀਤਾ।

## ਮਿਸੀਸਾਗਾ ਵਿੱਚ ਸੜਕ ਹਾਦਸੇ ਵਿਚ ਇੱਕ ਵਿਅਕਤੀ ਗੰਭੀਰ ਜ਼ਖ਼ਮੀ



ਟੋਰਾਂਟੋ, 20 ਅਕਤੂਬਰ (ਪੋਸਟ ਬਿਊਰੋ): ਐਤਵਾਰ ਦੁਪਹਿਰ ਮਿਸੀਸਾਗਾ ਵਿੱਚ ਇੱਕ ਵਾਹਨ ਅਤੇ ਮੋਟਰਸਾਈਕਲ ਵਿਚਕਾਰ ਟੱਕਰ ਹੋਣ ਕਾਰਨ ਇੱਕ ਵਿਅਕਤੀ ਗੰਭੀਰ ਜਖ਼ਮੀ ਹੋ ਗਿਆ। ਇਹ ਹਾਦਸਾ ਕੈਨੇਡੀ ਰੋਡ ਅਤੇ ਸੈਂਟਰਲ ਪਾਰਕਵੇ ਕੋਲ ਹੋਇਆ।

ਪੀਲ ਖੇਤਰੀ ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ ਦੁਪਹਿਰ 1: 4 ਵਜੇ ਦੇ ਆਸਪਾਸ ਉਸ ਖੇਤਰ ਵਿੱਚ ਬੁਲਾਇਆ ਗਿਆ ਸੀ।

ਕੈਨੇਡੀ ਅਤੇ ਏਗਲਿੰਟਨ ਐਵੇਨਿਊ ਦੇ ਕੁੱਝ ਹਿੱਸਿਆਂ ਨੂੰ ਅਸਥਾਈ ਰੂਪ ਤੋਂ ਬੰਦ ਕਰ ਦਿੱਤਾ ਗਿਆ ਸੀ ਪਰ ਬਾਅਦ ਵਿੱਚ ਉਨ੍ਹਾਂ ਨੂੰ ਫਿਰ ਤੋਂ ਖੋਲ੍ਹ ਦਿੱਤਾ ਗਿਆ।

## ਮਥੁਰਾ ਦੇ ਦੋ ਭਰਾਵਾਂ ਨੇ ਆਰਥਿਕ ਤੰਗੀ ਤੋਂ ਪ੍ਰੇਸ਼ਾਨ ਹੋ ਕੇ ਰੇਲਗੱਡੀ ਹੇਠਾਂ ਆਕੇ ਕੀਤੀ ਖੁਦਕੁਸ਼ੀ

ਮਥੁਰਾ, 20 ਅਕਤੂਬਰ (ਪੋਸਟ ਬਿਊਰੋ): ਆਰਥਿਕ ਤੰਗੀ ਤੋਂ ਪ੍ਰੇਸ਼ਾਨ 2 ਭਰਾਵਾਂ ਨੇ ਰੇਲਗੱਡੀ ਅੱਗੇ ਛਾਲ ਮਥੁਰਾ 'ਚ ਆਰਥਿਕ ਤੰਗੀ ਨਾਲ ਜੂਝ ਰਹੇ ਦੋ ਭਰਾਵਾਂ ਨੇ ਰੇਲਗੱਡੀ ਅੱਗੇ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ। ਰੇਲਵੇ ਟਰੈਕ 'ਤੇ ਲਾਸ਼ਾਂ ਪਈਆਂ ਦੇਖ ਕੇ ਸਥਾਨਕ ਲੋਕਾਂ ਨੇ ਪੁਲਿਸ ਨੂੰ ਸੂਚਨਾ ਦਿੱਤੀ। ਮੌਕੇ 'ਤੇ ਪਹੁੰਚੀ ਪੁਲਿਸ ਨੇ ਲਾਸ਼ਾਂ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਘਟਨਾ ਸਬੰਧੀ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।



ਸ਼ਨੀਵਾਰ ਨੂੰ ਮਥੁਰਾ ਦੇ ਛੱਤਾ ਕੋਤਵਾਲੀ ਖੇਤਰ ਦੇ ਤਹਿਤ ਦਿੱਲੀ ਰੇਲਵੇ ਟ੍ਰੈਕ 'ਤੇ ਦੋ ਭਰਾਵਾਂ ਦੀਆਂ ਲਾਸ਼ਾਂ ਪਈਆਂ ਮਿਲੀਆਂ। ਇਨ੍ਹਾਂ ਦੀ ਪਛਾਣ ਮਹੇਸ਼ ਅਗਰਵਾਲ ਅਤੇ ਸੌਰਵ ਅਗਰਵਾਲ ਵਾਸੀ ਸੌਂਖ ਮਗੋਰਾ ਵਜੋਂ ਹੋਈ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਦੋਵੇਂ ਭਰਾ ਸ਼ੁੱਕਰਵਾਰ ਤੋਂ ਲਾਪਤਾ ਸਨ। ਦੋਵੇਂ ਸ਼ਾਮ ਨੂੰ ਮੋਟਰਸਾਈਕਲ 'ਤੇ ਘਰੋਂ ਨਿਕਲੇ ਸਨ।

ਜਿਸ ਕਾਰਨ ਪਰਿਵਾਰ ਵਿੱਚ ਹਫੜਾ-ਦਫੜੀ ਮੱਚ ਗਈ। ਭਤੀਜੇ ਪਵਨ ਨੇ ਦੱਸਿਆ ਕਿ ਇਹ ਦੋਵੇਂ ਭਰਾ ਮੂਲ ਰੂਪ ਵਿੱਚ ਦਮੋਦਰਪੁਰਾ ਠੋਕ, ਸੌਂਖ ਦੇ ਰਹਿਣ ਵਾਲੇ ਸਨ। ਦੋਵੇਂ ਭਰਾ ਮਥੁਰਾ ਵਿੱਚ ਸੇਲਜ਼ਮੈਨ ਵਜੋਂ ਕੰਮ ਕਰਦੇ ਸਨ ਅਤੇ ਲੰਬੇ ਸਮੇਂ ਤੋਂ ਆਰਥਿਕ ਸੰਕਟ ਨਾਲ ਜੂਝ ਰਹੇ ਸਨ। ਫਿਲਹਾਲ ਪੁਲਿਸ ਨੇ ਦੋਵੇਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਭਰਾਵਾਂ ਦੀ ਮੌਤ ਕਾਰਨ ਪਰਿਵਾਰਕ ਮੈਂਬਰਾਂ ਦਾ ਬੁਰਾ ਹਾਲ ਹੈ। ਪੁਲਿਸ ਦਾ ਕਹਿਣਾ ਹੈ ਕਿ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਸ਼ਿਕਾਇਤ ਮਿਲਣ 'ਤੇ ਕਾਰਵਾਈ ਕੀਤੀ ਜਾਵੇਗੀ।

## ਬਾਬਾ ਸਿੱਦੀਕੀ ਕਤਲ ਮਾਮਲਾ: ਇੱਕ ਕਬਾੜ ਵਪਾਰੀ ਸ਼ੂਟਰ ਨੂੰ ਹਥਿਆਰ ਮੁਹੱਈਆ ਕਰਵਾਉਣ ਦੇ ਦੋਸ਼ 'ਚ ਗ੍ਰਿਫਤਾਰ

ਮੁੰਬਈ, 20 ਅਕਤੂਬਰ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਸਾਬਕਾ ਮੰਤਰੀ ਬਾਬਾ ਸਿੱਦੀਕੀ ਦੇ ਕਤਲ ਦੀ ਜਾਂਚ ਕਰ ਰਹੀ ਮੁੰਬਈ ਪੁਲਿਸ ਦੀ ਕ੍ਰਾਈਮ ਬ੍ਰਾਂਚ ਨੇ ਐਤਵਾਰ ਨੂੰ ਨਵੀਂ ਮੁੰਬਈ ਤੋਂ ਇੱਕ ਕਬਾੜ ਵਪਾਰੀ ਨੂੰ ਕਥਿਤ ਤੌਰ 'ਤੇ ਸ਼ੂਟਰ ਨੂੰ ਹਥਿਆਰ ਮੁਹੱਈਆ ਕਰਵਾਉਣ ਦੇ ਦੋਸ਼ 'ਚ ਗ੍ਰਿਫ਼ਤਾਰ ਕੀਤਾ ਹੈ।

ਅਧਿਕਾਰੀ ਨੇ ਦਸਿਆ ਕਿ ਇਸ ਦੇ ਨਾਲ ਹੀ ਇਸ ਮਾਮਲੇ 'ਚ ਗ੍ਰਿਫਤਾਰੀਆਂ ਦੀ ਕੁਲ ਗਿਣਤੀ 10 ਹੋ ਗਈ ਹੈ।ਮੁਲਜ਼ਮ ਦੀ ਪਛਾਣ ਭਾਗਵਤ ਸਿੰਘ ਓਮ ਸਿੰਘ (32) ਵਜੋਂ ਹੋਈ ਹੈ, ਜੋ ਮੂਲ ਰੂਪ ਨਾਲ ਰਾਜਸਥਾਨ ਦੇ ਉਦੈਪੁਰ ਦਾ ਰਹਿਣ ਵਾਲਾ ਹੈ ਅਤੇ ਇਸ ਸਮੇਂ ਨਵੀਂ ਮੁੰਬਈ 'ਚ ਰਹਿ ਰਿਹਾ ਹੈ। ਅਧਿਕਾਰੀ ਨੇ ਦਸਿਆ ਕਿ ਭਾਗਵਤ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ, ਜਿੱਥੋਂ ਉਸ ਨੂੰ 26 ਅਕਤੂਬਰ ਤਕ ਪੁਲਿਸ ਹਿਰਾਸਤ 'ਚ ਭੇਜ ਦਿਤਾ ਗਿਆ।



ਪੁਲਿਸ ਨੇ 12 ਅਕਤੂਬਰ ਨੂੰ ਸਿੱਦੀਕੀ ਦੇ ਕਤਲ ਦੇ ਸਬੰਧ 'ਚ ਹੁਣ ਤਕ ਭਗਵੰਤ ਸਿੰਘ ਸਮੇਤ 10 ਵਿਅਕਤੀਆਂ ਨੂੰ ਵੱਖ-ਵੱਖ ਥਾਵਾਂ ਤੋਂ ਗ੍ਰਿਫਤਾਰ ਕੀਤਾ ਹੈ।ਹਾਰਾਸ਼ਟਰ ਦੇ ਸਾਬਕਾ ਮੰਤਰੀ ਸਿੱਦੀਕੀ ਦੀ ਬਾਂਦਰਾ 'ਚ ਤਿੰਨ ਵਿਅਕਤੀਆਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿਤੀ ਸੀ। ਸਿੱਦੀਕੀ 'ਤੇ ਉਨ੍ਹਾਂ ਦੇ ਵਿਧਾਇਕ ਬੇਟੇ ਦੇ ਦਫਤਰ ਨੇੜੇ ਹਮਲਾ ਕੀਤਾ ਗਿਆ ਸੀ। ਪੁਲਿਸ ਹਿਰਾਸਤ 'ਚ ਸ਼ੱਕੀ ਵਿਅਕਤੀਆਂ ਦੀ ਪਛਾਣ ਗੁਰਮੇਲ ਬਲਜੀਤ ਸਿੰਘ (23) ਅਤੇ ਧਰਮਰਾਜ ਰਾਜੇਸ਼ ਕਸ਼ਯਪ (19) ਵਜੋਂ ਹੋਈ ਹੈ। ਕਤਲ ਦੀ ਸਾਜ਼ਸ਼ 'ਚ ਸ਼ਾਮਲ ਮੁੱਖ ਸ਼ੂਟਰ ਸ਼ਿਵਕੁਮਾਰ ਗੌਤਮ ਅਤੇ ਦੋ ਹੋਰ ਫਰਾਰ ਹਨ।

**TAX & ACCOUNTING**

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Harcharan S. Grover
Chartered Accountant



Call for Professional Advice
905.247.0193
info@grovercpa.ca
GroverCPA Professional Corporation

214-7895 Tranmere Drive, Mississauga ON L5S 1V9

## 22 ਸਾਲਾ ਲੜਕੀ ਨੇ ਪੈਸੇ ਲਈ 70 ਸਾਲਾ ਬਜ਼ੁਰਗ ਨਾਲ ਕੀਤਾ ਵਿਆਹ

ਵਾਸ਼ਿੰਗਟਨ, 20 ਅਕਤੂਬਰ (ਪੋਸਟ ਬਿਊਰੋ): ਇੱਕ ਲੜਕੀ ਨੇ ਬਿਨ੍ਹਾਂ ਕਿਸੇ ਧੋਖੇਬਾਜ਼ੀ ਦੇ ਇੱਕ ਬਜ਼ੁਰਗ ਨਾਲ ਵਿਆਹ ਕਰਵਾ ਲਿਆ ਅਤੇ ਖੁਲਾਸਾ ਵੀ ਕੀਤਾ ਹੈ ਕਿ ਉਸ ਬਜ਼ੁਰਗ ਨੂੰ ਇਕ ਜਵਾਨ ਲੜਕੀ ਚਾਹੀਦੀ ਸੀ ਅਤੇ ਮੈਨੂੰ ਰੁਪਏ ਪੈਸੇ ਚਾਹੀਦੇ ਸਨ। ਇਸ ਲਈ ਇਕ ਦੂਜੇ ਦੀ ਜ਼ਰੂਰਤ ਨੂੰ ਪੂਰਾ ਕੀਤਾ ਅਤੇ ਅਸੀਂ ਦੋਵੇ ਖੁਸ਼ ਹਾਂ। ਦਰਅਸਲ ਇੱਕ 22 ਸਾਲਾ ਲੜਕੀ ਨੇ ਆਪਣੇ ਤੋਂ 50 ਸਾਲ ਵੱਡੇ ਵਿਅਕਤੀ ਨਾਲ ਵਿਆਹ ਕਰਵਾ ਲਿਆ। ਬਾਅਦ 'ਚ ਕੁੜੀ ਨੇ ਸੋਸ਼ਲ ਮੀਡੀਆ 'ਤੇ ਆਪਣੀ ਵਿਆਹੁਤਾ ਜ਼ਿੰਦਗੀ ਦੇ ਕਈ ਰਾਜ਼ ਖੋਲ੍ਹੇ।



ਲੜਕੀ ਨੇ ਆਪਣੇ ਪਤੀ ਕਾਰਨ ਆਪਣੀ ਆਲੀਸ਼ਾਨ ਜੀਵਨ ਸ਼ੈਲੀ ਦਾ ਪਰਦਾਫਾਸ਼ ਕੀਤਾ ਹੈ। ਜੋ ਉਸ ਤੋਂ 50 ਸਾਲ ਵੱਡਾ ਹੈ ਅਤੇ ਜਿਸ ਦੀ ਕੁੱਲ ਜਾਇਦਾਦ 70 ਮਿਲੀਅਨ ਡਾਲਰ ਹੈ। ਇੱਕ ਪੋਸਟ ਵਿੱਚ ਅਣਪਛਾਤੀ ਔਰਤ ਨੇ ਖੁਲਾਸਾ ਕੀਤਾ ਕਿ ਉਹ ਇੱਕ ਸ਼ਾਨਦਾਰ ਕੰਟਰੀ ਕਲੱਬ ਵਿੱਚ ਕੰਮ ਕਰਦੇ ਹੋਏ ਆਪਣੇ ਪਤੀ ਨੂੰ ਮਿਲੀ ਸੀ।

ਇੱਕ 22 ਸਾਲਾ ਅਮਰੀਕੀ ਲੜਕੀ ਨੇ ਰੈਡਿਟ 'ਤੇ ਕਬੂਲ ਕੀਤਾ ਕਿ ਉਸ ਨੇ 'ਪੈਸੇ ਲਈ ਵਿਆਹ' ਕੀਤਾ ਸੀ। ਉਸ ਨੇ ਖੁਲਾਸਾ ਕੀਤਾ ਕਿ ਉਸ ਦੇ ਪਤੀ ਨੇ ਉਸ ਦੇ ਲਈ ਬਹੁਤ ਸਾਰੇ ਪੈਸਿਆਂ ਦਾ ਇੰਤਜ਼ਾਮ ਕੀਤਾ ਸੀ। ਜਿਸ ਵਿੱਚ ਉਸ ਨੂੰ ਉਸ ਦੇ ਸਾਰੇ ਫੰਡਾਂ ਤੱਕ ਪਹੁੰਚ ਮਿਲਦੀ ਹੈ। ਇਸ ਨਾਲ ਉਹ ਆਪਣੀ ਮਾਂ ਦੇ ਘਰ ਦਾ ਗੁਜ਼ਾਰਾ ਚਲਾਉਣ ਅਤੇ ਆਪਣੇ ਪਰਿਵਾਰ ਦੇ ਖਰਚਿਆਂ ਵਿੱਚ ਮਦਦ ਕਰਨ ਦੇ ਯੋਗ ਹੋ ਗਈ ਹੈ। 'ਪਿਆਰ' ਨਾ ਹੋਣ ਦੇ ਬਾਵਜੂਦ ਔਰਤ ਨੇ ਖੁਲਾਸਾ ਕੀਤਾ ਕਿ ਉਹ ਅਤੇ ਉਸ ਦਾ 70 ਸਾਲਾ ਪਤੀ 'ਚੰਗੇ ਦੋਸਤ' ਹਨ।

ਲੜਕੀ ਨੇ ਸਾਫ ਕਿਹਾ ਕਿ 'ਮੈਂ ਪੈਸੇ ਲਈ ਵਿਆਹ ਕੀਤਾ।' ਇੱਕ ਯੂਜ਼ਰ ਨੇ ਪੁੱਛਿਆ ਕਿ ਉਨ੍ਹਾਂ ਦਾ ਪਿਆਰ ਰਹਿਤ ਸਮਝੌਤਾ ਕਿਵੇਂ ਹੋਇਆ? ਇਸ 'ਤੇ ਲੜਕੀ ਨੇ ਕਿਹਾ ਕਿ ਮੈਂ ਇਕ ਬਹੁਤ ਵਧੀਆ ਕੰਟਰੀ ਕਲੱਬ 'ਚ ਕੰਮ ਕਰਦੀ ਸੀ ਅਤੇ ਉੱਥੇ ਮਹਿਮਾਨਾਂ ਨਾਲ ਲਗਾਤਾਰ ਫਲਰਟ ਕਰਦੀ ਸੀ। ਉਹ ਕਦੇ-ਕਦਾਈਂ ਉੱਥੇ ਆਉਂਦੇ ਸਨ ਅਤੇ ਉਨ੍ਹਾਂ ਨੂੰ ਮੇਰੀ ਦਿੱਖ ਪਸੰਦ ਸੀ, ਇਸ ਲਈ ਅਸੀਂ ਇੱਕ ਦੂਜੇ ਨੂੰ ਦੇਖਣਾ ਸ਼ੁਰੂ ਕਰ ਦਿੱਤਾ। ਲੜਕੀ ਨੇ ਕਿਹਾ ਕਿ ਉਹ ਇੱਕ ਜਵਾਨ ਅਤੇ ਆਕਰਸ਼ਕ ਪਤਨੀ ਚਾਹੁੰਦਾ ਸੀ ਜੋ ਉਸ ਦੇ ਨਾਲ ਘੁੰਮਣ ਜਾਂਦੀ ਸੀ ਅਤੇ ਆਪਣੇ ਜਾਣਕਾਰਾਂ ਨੂੰ ਦਿਖਾਉਂਦੀ ਸੀ। ਮੈਂ ਉਸ ਲਈ ਇਹ ਕਰ ਕੇ ਖੁਸ਼ ਸੀ।

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ



Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana



ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

**SherGill Law Firm**
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਜੂਨੀਅਰ ਡਾਕਟਰਾਂ ਨੂੰ 21 ਅਕਤੂਬਰ ਨੂੰ ਮੀਟਿੰਗ ਲਈ ਦਿੱਤਾ ਸੱਦਾ



ਕੋਲਕਤਾ, 20 ਅਕਤੂਬਰ (ਪੋਸਟ ਬਿਊਰੋ): ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸ਼ਨੀਵਾਰ ਨੂੰ ਪ੍ਰਦਰਸ਼ਨ ਕਰ ਰਹੇ ਡਾਕਟਰਾਂ ਨੂੰ ਸੋਮਵਾਰ ਨੂੰ ਮਿਲਣ ਲਈ ਸੱਦਾ ਦਿੱਤਾ ਅਤੇ ਉਨ੍ਹਾਂ ਨੂੰ ਆਪਣਾ ਵਰਤ ਖਤਮ ਕਰਨ ਅਤੇ ਆਪਣਾ ਵਿਰੋਧ ਵਾਪਿਸ ਲੈਣ ਅਤੇ ਕੰਮ 'ਤੇ ਪਰਤਣ ਦੀ ਅਪੀਲ ਕੀਤੀ।

"ਮੁੱਖ ਸਕੱਤਰ ਅਤੇ ਗ੍ਰਹਿ ਸਕੱਤਰ ਸਾਨੂੰ ਮਿਲੇ ਅਤੇ ਅਸੀਂ ਫੋਨ 'ਤੇ ਮੁੱਖ ਮੰਤਰੀ ਨਾਲ ਗੱਲ ਕੀਤੀ। ਉਨ੍ਹਾਂ ਨੇ ਸੋਮਵਾਰ ਸ਼ਾਮ 5 ਵਜੇ ਮੀਟਿੰਗ ਲਈ ਸਾਨੂੰ ਨਬੰਨਾ ਬੁਲਾਇਆ ਹੈ। ਮੁੱਖ ਮੰਤਰੀ ਸਾਨੂੰ ਕੰਮ 'ਤੇ ਵਾਪਸ ਜਾਣ ਦੀ ਬੇਨਤੀ ਕਰ ਰਹੇ ਹਨ ਕਿਉਂਕਿ ਸਿਹਤ ਬੁਨਿਆਦੀ ਢਾਂਚਾ ਹੇਠਾਂ ਜਾ ਰਿਹਾ ਹੈ।

ਅਸੀਂ ਮੁੱਖ ਮੰਤਰੀ ਨੂੰ ਕਹਿਣਾ ਚਾਹੁੰਦੇ ਹਾਂ ਕਿ ਉਹ ਸਾਡੀਆਂ ਮੰਗਾਂ ਨੂੰ ਪੂਰਾ ਕਰਨ ਅਤੇ ਫਿਰ ਅਸੀ ਕੰਮ 'ਤੇ ਵਾਪਿਸ ਪਰਤ ਆਵਾਂਗੇ। ਅਸੀਂ ਉਮੀਦ ਕਰਦੇ ਹਾਂ ਕਿ ਮੁੱਖ ਮੰਤਰੀ ਸਾਡੀਆਂ ਮੰਗਾਂ ਨੂੰ ਸਮਝਣਗੇ ਅਤੇ ਉਨ੍ਹਾਂ ਨੂੰ ਪੂਰਾ ਕਰਨਗੇ।

ਇੱਕ ਪ੍ਰਦਰਸ਼ਨਕਾਰੀ ਜੂਨੀਅਰ ਡਾਕਟਰ ਨੇ ਕਿਹਾ ਕਿ ਉਹ ਮੁੱਖ ਮੰਤਰੀ ਮਮਤਾ ਬੈਨਰਜੀ ਨਾਲ ਮੀਟਿੰਗ ਵਿੱਚ ਸ਼ਾਮਿਲ ਹੋਣਗੇ। "ਅਸੀਂ ਤੁਹਾਨੂੰ ਦੱਸਣਾ ਚਾਹੁੰਦੇ ਹਾਂ ਕਿ ਸਾਡੇ ਸਿਹਤ ਕਰਮਚਾਰੀ ਅਤੇ ਡਾਕਟਰ ਕੰਮ 'ਤੇ ਵਾਪਿਸ ਆ ਗਏ ਹਨ। ਸਾਡੇ ਵਿੱਚੋਂ ਕੁਝ 10 ਮੰਗਾਂ ਨੂੰ ਲੈ ਕੇ ਭੁੱਖ ਹੜਤਾਲ 'ਤੇ ਹਨ... ਅਸੀਂ ਸੋਮਵਾਰ ਨੂੰ ਸ਼ਾਮ 5 ਵਜੇ ਮੁੱਖ ਮੰਤਰੀ ਨਾਲ ਮੀਟਿੰਗ ਵਿੱਚ ਸ਼ਾਮਿਲ ਹੋਵਾਂਗੇ।

ਮੁੱਖ ਸਕੱਤਰ ਮਨੋਜ ਪੰਤ ਨੇ ਕਿਹਾ ਕਿ ਸਰਕਾਰ ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਕਾਰਵਾਈ ਕਰ ਰਹੀ ਹੈ। ਮਨੋਜ ਪੰਤ ਨੇ ਕਿਹਾ, "ਅਸੀਂ ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਕਾਰਵਾਈ ਕਰ ਰਹੇ ਹਾਂ। ਸੋਮਵਾਰ ਨੂੰ ਫਰੰਟ ਮੈਂਬਰਾਂ ਨਾਲ ਮੀਟਿੰਗ ਕਰਨ ਦਾ ਸੁਝਾਅ ਦਿੱਤਾ ਗਿਆ ਹੈ।"

ਇਸ ਤੋਂ ਪਹਿਲਾਂ ਇੱਥੋਂ ਦੇ ਜੂਨੀਅਰ ਡਾਕਟਰਾਂ ਨੇ ਪੱਛਮੀ ਬੰਗਾਲ ਜੂਨੀਅਰ ਡਾਕਟਰਜ਼ ਫਰੰਟ ਨਾਲ ਇਕਮੁੱਠਤਾ ਵਿੱਚ ਭੁੱਖ ਹੜਤਾਲ ਜਾਰੀ ਰੱਖੀ। ਡਾਕਟਰਾਂ ਦੀ ਭੁੱਖ ਹੜਤਾਲ ਪਿਛਲੇ 324 ਘੰਟਿਆਂ ਤੋਂ ਚੱਲ ਰਹੀ ਹੈ। ਕੋਲਕ-ਾਤਾ ਦੇ ਆਰਜੀ ਕਾਰ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ 9 ਅਗਸਤ ਨੂੰ ਬਲਾਤਕਾਰ ਅਤੇ ਕਤਲ ਕੀਤੇ ਗਏ ਇੱਕ ਸਾਥੀ ਰੈਜ਼ੀਡੈਂਟ ਡਾਕਟਰ ਲਈ ਇਨਸਾਫ਼ ਦੀ ਮੰਗ ਕਰਨ ਤੋਂ ਬਾਅਦ ਡਾਕਟਰਾਂ ਵੱਲੋਂ ਇਹ ਹੜਤਾਲ ਕੀਤੀ ਗਈ।

## ਬੰਬੀਹਾ-ਕੌਸ਼ਲ ਗੈਂਗ ਦੇ ਪੰਜ ਮੈਂਬਰਾਂ ਨੂੰ ਗ੍ਰਿਫ਼ਤਾਰ, 9 ਹਥਿਆਰ ਬਰਾਮਦ

ਚੰਡੀਗੜ੍ਹ/ਜਲੰਧਰ, 20 ਅਕਤੂਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਚੋਂ ਸੰਗਠਿਤ ਅਪਰਾਧਾਂ ਨੂੰ ਠੱਲ੍ਹ ਪਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਤਹਿਤ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਬੰਬੀਹਾ-ਕੌਸ਼ਲ ਗਿਰੋਹ ਦੇ ਪੰਜ ਮੁੱਖ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਮਿੱਥ ਕੇ ਕਤਲ ਦੀਆਂ ਤਿੰਨ ਸੰਭਾਵਿਤ ਘਟਨਾਵਾਂ ਨੂੰ ਨਾਕਾਮ ਕਰ ਦਿੱਤਾ।

ਇਹ ਜਾਣਕਾਰੀ ਦਿੰਦਿਆਂ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਲੰਧਰ ਦੇ ਪਿੰਡ ਬੋਪਾਰਾਏ ਕਲਾਂ ਦੇ ਜਸਪ੍ਰੀਤ ਸਿੰਘ ਉਰਫ ਜੱਸਾ, ਹੁਸ਼ਿਆਰਪੁਰ ਦੇ ਪਿੰਡ ਗਰਾਜ ਮਹਿਦੂਦ ਦੇ ਹਰਸ਼ਦੀਪ ਸਿੰਘ, ਤਰਨਤਾਰਨ ਦੇ ਪਿੰਡ ਮੁਰਾਦਪੁਰ ਦੇ ਸ਼ੇਖਰ, ਨਿਊ ਮਾਡਲ ਹਾਊਸ ,ਜਲੰਧਰ ਦੇ ਗਗਨਦੀਪ ਸਿੰਘ ਉਰਫ ਗਿੰਨੀ ਬਾਜਵਾ ਅਤੇ ਜਲੰਧਰ ਦੇ ਪਿੰਡ ਬੰਬੀਆਂ ਵਾਲ ਦੇ ਅਮਿਤ ਸਹੋਤਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ ਕੁੱਲ 9 ਹਥਿਆਰ ਜਿਨ੍ਹਾਂ ਵਿੱਚ ਅੱਠ ਪਿਸਤੌਲਾਂ ਅਤੇ ਇੱਕ ਰਿਵਾਲਵਰ ਸ਼ਾਮਲ ਹੈ, ਸਮੇਤ 15 ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਫਿਰੌਤੀ, ਕਤਲ ਅਤੇ ਹਥਿਆਰਾਂ ਦੀ ਤਸਕਰੀ ਸਮੇਤ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਖ਼ਿਲਾਫ਼ ਪਹਿਲਾਂ ਵੀ ਕਈ ਕੇਸ ਦਰਜ ਹਨ।

ਡੀਜੀਪੀ ਨੇ ਦੱਸਿਆ ਕਿ ਗਿਰੋਹ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਉਨ੍ਹਾਂ ਦੇ ਵਿਆਪਕ ਨੈਟਵਰਕ ਦਾ ਪਰਦਾਫਾਸ਼ ਕਰਨ ਅਤੇ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਜਲੰਧਰ ਸਵਪਨ ਸ਼ਰਮਾ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪੁਖ਼ਤਾ ਇਤਲਾਹ ਮਿਲੀ ਸੀ ਕਿ ਬੰਬੀਹਾ-ਕੌਸ਼ਲ ਗਿਰੋਹ ਦੇ ਮੈਂਬਰਾਂ ਵੱਲੋਂ ਸੂਬੇ ਵਿੱਚ ਵੱਡੀ ਅਪਰਾਧਿਕ ਗਤੀਵਿਧੀ ਸਬੰਧੀ ਯੋਜਨਾ ਬਣਾਈ ਜਾ ਰਹੀ ਹੈ, ਇਸ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਬੀ.ਐਸ.ਐਫ. ਚੌਕ ਵਿੱਚ ਨਾਕਾ ਲਗਾਇਆ ਅਤੇ ਤਿੰਨ ਮੁਲਜ਼ਮਾਂ – ਜਸਪ੍ਰੀਤ ਜੱਸਾ, ਹਰਸ਼ਦੀਪ ਅਤੇ ਸ਼ੇਖਰ ਨੂੰ 6 ਹਥਿਆਰਾਂ ਸਮੇਤ ਗ੍ਰਿਫ਼ਤਾਰ ਕਰ ਲਿਆ।

ਉਨ੍ਹਾਂ ਦੱਸਿਆ ਕਿ ਬਾਅਦ ਵਿੱਚ ਇਸ ਗਿਰੋਹ ਦੇ ਦੋ ਹੋਰ ਮੈਂਬਰ ਗਗਨਦੀਪ ਗਿੰਨੀ ਅਤੇ ਅਮਿਤ ਸਹੋਤਾ ਨੂੰ ਵੀ ਤਿੰਨ ਹਥਿਆਰਾਂ ਸਮੇਤ ਭਾਰਗੋ ਕੈਂਪ ਨੇੜਲੇ ਨਾਕੇ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਕਿਹਾ ਕਿ ਹੋਰ ਪੁੱਛਗਿੱਛ ਜਾਰੀ ਹੈ ਅਤੇ ਹੋਰ ਗ੍ਰਿਫਤਾਰੀਆਂ ਹੋਣ ਦੀ ਆਸ ਹੈ।

ਇਸ ਸਬੰਧੀ 2 ਕੇਸ-- ਐਫ.ਆਈ.ਆਰ. ਨੰਬਰ 253 ਅਸਲਾ ਐਕਟ ਦੀ ਧਾਰਾ 25 ਤਹਿਤ ਥਾਣਾ ਨਵੀਂ ਬਾਰਾਦਰੀ, ਜਲੰਧਰ ਅਤੇ ਐਫ.ਆਈ.ਆਰ. ਨੰਬਰ 100 ਅਸਲਾ ਐਕਟ ਦੀ ਧਾਰਾ 25 ਅਧੀਨ ਥਾਣਾ ਭਾਰਗੋ ਕੈਂਪ, ਜਲੰਧਰ ਵਿਖੇ ਦਰਜ ਕੀਤੇ ਗਏ ਹਨ।

# ਰਾਜਸਥਾਨ ਵਿਚ ਬੱਸ ਨੇ ਟੈਂਪੂ ਨੂੰ ਟੱਕਰ, 11 ਲੋਕਾਂ ਦੀ ਮੌਤ, ਕਈ ਜ਼ਖਮੀ




ਧੌਲਪੁਰ, 20 ਅਕਤੂਬਰ (ਪੋਸਟ ਬਿਊਰੋ): ਰਾਜਸਥਾਨ ਦੇ ਧੌਲਪੁਰ ਵਿੱਚ ਇੱਕ ਵੱਡਾ ਸੜਕ ਹਾਦਸਾ ਵਾਪਰਿਆ ਹੈ। ਇੱਥੇ ਇੱਕ ਸਲੀਪਰ ਕੋਚ ਬੱਸ ਨੇ ਟੈਂਪੂ ਨੂੰ ਟੱਕਰ ਮਾਰ ਦਿੱਤੀ। ਇਸ ਦਰਦਨਾਕ ਹਾਦਸੇ ਵਿੱਚ 11 ਲੋਕਾਂ ਦੀ ਮੌਤ ਹੋ ਗਈ ਹੈ। ਮਰਨ ਵਾਲਿਆਂ ਵਿੱਚ ਪੰਜ ਬੱਚੇ, ਤਿੰਨ ਲੜਕੀਆਂ, ਦੋ ਔਰਤਾਂ ਅਤੇ ਇੱਕ ਪੁਰਸ਼ ਸ਼ਾਮਲ ਹੈ।

ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਸਰਕਾਰੀ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾਇਆ ਗਿਆ ਹੈ। ਤਿੰਨ ਵਿਅਕਤੀ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

ਤਿੰਨ ਵਿਅਕਤੀ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਇਹ ਹਾਦਸਾ ਬਾੜੀ ਸਦਰ ਥਾਣਾ ਖੇਤਰ ਦੇ 11 'ਤੇ ਸੁਨੀਪੁਰ ਪਿੰਡ ਨੇੜੇ ਹੋਇਆ। ਟੈਂਪੂ ਵਿੱਚ ਸਵਾਰ ਸਾਰੇ ਲੋਕ ਬਾੜੀ ਸ਼ਹਿਰ ਦੇ ਗੁੰਮਟ ਮੁਹੱਲੇ ਦੇ ਵਸਨੀਕ ਹਨ। ਇਹ ਸਾਰੇ ਲੋਕ ਬਰੌਲੀ ਪਿੰਡ 'ਚ ਆਪਣੇ ਰਿਸ਼ਤੇਦਾਰਾਂ ਦੇ ਘਰ ਇਕ ਪ੍ਰੋਗਰਾਮ 'ਚ ਸ਼ਾਮਿਲ ਹੋ ਕੇ ਵਾਪਿਸ ਪਰਤ ਰਹੇ ਸਨ।

# ਦਿਸ਼ਾ ਟਰੱਸਟ ਨੇ ਧੂਮਧਾਮ ਨਾਲ ਮਨਾਇਆ ਸੁਹਾਗਣਾਂ ਨਾਲ ਕਰਵਾ ਚੌਥ ਦਾ ਤਿਉਹਾਰ

* ਹਰਸਿਮਰਤ ਕੌਰ ਕਾਹਲੋਂ ਬਣੀ ਮਿਸਿਜ ਕਰਵਾ ਚੌਥ * ਸਰਵਜੀਤ ਕੌਰ ਸੀਰਤ ਸੈਕਿੰਡ ਰਨਰ ਅੱਪ ਅਤੇ ਰੁਚੀ ਕਥੂਰੀਆ ਤੇ ਨਵਜੀਤ ਨਵੀ ਬਣੀਆਂ ਕ੍ਰਮਵਾਰ ਥਰਡ ਰਨਰ ਅੱਪ



ਮੋਹਾਲੀ, 20 ਅਕਤੂਬਰ (ਗਿਆਨ ਸਿੰਘ): ਮਹਿਲਾਵਾਂ ਦੀ ਭਲਾਈ ਲਈ ਕੰਮ ਕਰਨ ਵਾਲੀ ਸੰਸਥਾ ਦਿਸ਼ਾ ਵੋਮੈਨ ਵੈੱਲਫੇਅਰ ਟਰੱਸਟ (ਰਜਿ) ਪੰਜਾਬ ਵੱਲੋਂ ਕਰਵਾ ਚੌਥ ਤੋਂ ਇੱਕ ਦਿਨ ਪਹਿਲਾਂ ਸੁਹਾਗਣਾਂ ਦੇ ਲਈ ਪ੍ਰੀ ਕਰਵਾ ਚੌਥ ਪ੍ਰੋਗਰਾਮ ਟਰੱਸਟ ਪ੍ਰਧਾਨ ਹਰਦੀਪ ਕੌਰ ਦੀ ਅਗਵਾਈ ਹੇਠ ਉਲੀਕਿਆ ਗਿਆ । ਜਿਸ ਵਿੱਚ ਟ੍ਰਾਈ ਸਿਟੀ ਚੰਡੀਗੜ੍ਹ ਤੋਂ ਵੱਡੀ ਗਿਣਤੀ ਵਿੱਚ ਕੰਮ ਕਾਜੀ ਮਹਿਲਾਵਾਂ ਨੇ ਭਾਗ ਲਿਆ। ਪ੍ਰੋਗਰਾਮ ਵਿਚ ਵੱਖੋ ਵੱਖਰੇ ਖੇਤਰਾਂ ਤੋਂ ਹਾਜ਼ਰ ਮਹਿਲਾਵਾਂ ਵਿੱਚ ਇਸ ਪ੍ਰੋਗਰਾਮ ਨੂੰ ਲੈ ਕੇ ਭਾਰੀ ਉਤਸਾਹ ਦੇਖਣ ਨੂੰ ਮਿਲਿਆ । ਪ੍ਰੋਗਰਾਮ ਦੌਰਾਨ ਹਲਕਾ ਵਿਧਾਇਕ ਸਰਦਾਰ ਕੁਲਵੰਤ ਸਿੰਘ ਦੇ ਪਰਿਵਾਰ ਵਿੱਚੋਂ ਮੈਡਮ ਖੁਸ਼ਬੂ ਅਤੇ ਮੈਡਮ ਰੂਪਾਂਜਲੀ ਮੁੱਖ ਮਹਿਮਾਨ ਦੇ ਤੌਰ ਤੇ ਹਾਜ਼ਰ ਹੋਏ । ਇਸ ਮੌਕੇ ਉਨ੍ਹਾਂ ਨੇ ਸੁਹਾਗਣਾਂ ਨੂੰ ਕਰਵਾ ਚੌਥ ਦੀ ਵਧਾਈ ਦਿੰਦੇ ਹੋਏ ਮਹਿਲਾ ਸਸ਼ਕਤੀਕਰਨ ਦੇ ਉੱਤੇ ਵੀ ਜੋਰ ਦਿੱਤਾ । ਪ੍ਰੋਗਰਾਮ ਵਿੱਚ ਉਘੇ ਸਮਾਜ ਸੇਵੀ ਜਗਜੀਤ ਕੌਰ ਕਾਹਲੋਂ ਅਤੇ ਨਵਦੀਪ ਕੌਰ ਮਿਸਿਜ ਇੰਡੀਆ ਸੁਪਰਾਂ ਨੈਸ਼ਨਲ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਹਾਜ਼ਰ ਹੋਏ ।

ਇਸ ਦੌਰਾਨ ਲਾਲ ਸੂਹੇ ਤੇ ਹੋਰ ਰੰਗ ਬਿਰੰਗੇ ਪਹਿਰਾਵਿਆਂ ਵਿੱਚ ਮਹਿਲਾਵਾਂ ਬਹੁਤ ਹੀ ਖੂਬਸੂਰਤ ਨਜ਼ਰ ਆ ਰਹੀਆਂ ਸਨ। ਇਸ ਮੌਕੇ ਮਹਿਲਾਵਾਂ ਨੇ ਤੰਬੋਲਾ , ਕੈਟ ਵਾਕ , ਡਾਂਸ , ਸਿੰਗਿੰਗ ਅਤੇ ਹੋਰ ਵੱਖ ਵੱਖ ਗਤੀਵਿਧੀਆਂ ਵਿੱਚ ਭਾਗ ਲੈ ਕੇ ਆਪਣਾ ਮਨੋਰੰਜਨ ਕੀਤਾ । ਪ੍ਰੋਗਰਾਮ ਦੌਰਾਨ ਪ੍ਰਸਿੱਧ ਲੋਕ ਗਾਇਕਾ ਆਰ ਦੀਪ ਰਮਨ ਅਤੇ ਐਮ ਸੀ ਰਮਨਦੀਪ ਕੌਰ ਵੱਲੋਂ ਜੱਜ ਦੀ ਭੂਮਿਕਾ ਅਦਾ ਕੀਤੀ ਗਈ । ਜੱਜਾਂ ਦੀ ਤਿੱਖੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਇਸ ਮੌਕੇ ਹਰਸਿਮਰਤ ਕੌਰ ਕਾਹਲੋਂ ਨੇ ਮਿਸਿਜ ਕਰਵਾ ਚੌਥ ਦਾ ਟਾਈਟਲ ਜਿੱਤਿਆ । ਜਦੋਂ ਕਿ ਸਰਵਜੀਤ ਕੌਰ ਸੀਰਤ ਨੇ ਸੈਕਿੰਡ ਰਨਰ ਅੱਪ ਅਤੇ ਰੁਚੀ ਕਥੂਰੀਆ ਤੇ ਨਵਜੀਤ ਨਵੀ ਨੇ ਥਰਡ ਰਨਰ ਅੱਪ ਦਾ ਖਿਤਾਬ ਪ੍ਰਾਪਤ ਕੀਤਾ ।

ਪ੍ਰੋਗਰਾਮ ਦੇ ਅਖੀਰ ਵਿੱਚ ਟਰੱਸਟ ਪ੍ਰਧਾਨ ਹਰਦੀਪ ਕੌਰ ਵੱਲੋਂ ਹਾਜ਼ਰ ਮਹਿਲਾਵਾਂ ਨੂੰ ਕਰਵਾ ਚੌਥ ਦੇ ਤਿਉਹਾਰ ਦੀ ਜਿੱਥੇ ਵਧਾਈ ਦਿੱਤੀ ਗਈ ਉਥੇ ਹੀ ਉਨ੍ਹਾਂ ਨੂੰ ਆਪਣੇ ਸਹੁਰੇ ਪਰਿਵਾਰ ਦਾ ਖਿਆਲ ਠੀਕ ਆਪਣੇ ਪੇਕੇ ਪਰਿਵਾਰ ਵਾਂਗ ਹੀ ਰੱਖਣ ਦੇ ਲਈ ਵੀ ਪ੍ਰੇਰਿਤ ਕੀਤਾ ਗਿਆ । ਇਸ ਦੇ ਨਾਲ ਹੀ ਟਰੱਸਟ ਵੱਲੋਂ ਵੱਖ ਵੱਖ ਖੇਤਰਾਂ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ 21 ਮਹਿਲਾਵਾਂ ਨੂੰ ਫੁਲਕਾਰੀ ਅਤੇ ਹੋਰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਸ੍ਰੀ ਗੁਰੂ ਰਾਮਦਾਸ ਜੀ ਦੇ 490 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਸਮਾਗਮ

## ਹਜ਼ਾਰਾਂ ਦੀ ਤਾਦਾਦ ਵਿਚ ਸੰਗਤਾਂ ਨੇ ਗੁਰਮਤਿ ਕੀਰਤਨ ਸਮਾਗਮ ਦਾ ਲਿਆ ਲਾਹਾ





ਮੋਗਾ, 20 ਅਕਤੂਬਰ (ਗਿਆਨ ਸਿੰਘ): ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਵਲੋਂ ਸ਼ਹਿਰ ਤੇ ਇਲਾਕੇ ਦੀਆਂ ਧਾਰਮਿਕ, ਸਮਾਜ ਸੇਵੀ ਤੇ ਰਾਜਸੀ ਸ਼ਖ਼ਸੀਅਤਾਂ ਅਤੇ ਗੁਰੂ ਨਾਨਕ ਨਾਮ-ਲੇਵਾ ਸੰਗਤਾਂ ਦੇ ਸਹਿਯੋਗ ਨਾਲ ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ 490 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਸ਼ਬਦ ਪ੍ਰਚਾਰ ਗੁਰਮਤਿ ਕੀਰਤਨ ਸਮਾਗਮ ਗੁਰਦੁ-ਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਪ੍ਰਿੰਸੀਪਲ ਸੁਖਵੰਤ ਸਿੰਘ ਜਵੱਦੀ ਕਲਾਂ ਤੇ ਲੋਕਲ ਗੁਰਪੁਰਬ ਕਮੇਟੀ ਮੋਗਾ ਦੇ ਸਹਿਯੋਗ ਨਾਲ ਕਰਵਾਇਆ ਗਿਆ ਜਿਸ ਵਿਚ ਦੂਰ-ਦਰਾਡੇ ਤੋਂ ਹਜ਼ਾਰਾਂ ਦੀ ਤਾਦਾਦ ਵਿਚ ਸੰਗਤਾਂ ਨੇ ਸ਼ਿਰਕਤ ਕਰ ਕੇ ਗੁਰੂ ਜੱਸ ਸਰਵਣ ਕੀਤਾ। ਸਮਾਗਮ ਦੀ ਸ਼ੁਰੂਆਤ ਸੋਦਰ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਨਾਲ ਹੋਈ। ਉਪਰੰਤ ਨੰਨ੍ਹੇ ਮੁੰਨੇ ਬੱਚਿਆਂ ਨੇ ਕੀਰਤਨ ਦੀ ਸ਼ੁਰੂਆਤ ਕੀਤੀ। ਭਾਈ ਪਰਮਜੀਤ ਸਿੰਘ ਹਜ਼ੂਰੀ ਰਾਗੀ ਗੁਰ-ਦੁਆਰਾ ਬੀਬੀ ਕਾਹਨ ਕੌਰ, ਵਿਦਿਆਰਥੀ ਬਾਬਾ ਸੁੱਚਾ ਸਿੰਘ ਸੰਗੀਤ ਅਕੈਡਮੀ ਜੰਡਿਆਲਾ ਗੁਰੂ ਵਾਲਿਆਂ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਪ੍ਰਦੀਪ ਸਿੰਘ ਦਿੱਲੀ ਵਾਲੇ (ਗਾਵਹੁ ਸੱਚੀ ਬਾਣੀ ਦੇ ਵਿਜੇਤਾ), ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਿਆ। ਪੰਥ ਦੇ ਪ੍ਰਸਿੱਧ ਕੀਰਤਨੀ ਭਾਈ ਹਰਜਿੰਦਰ ਸਿੰਘ ਸ੍ਰੀ ਨਗਰ ਵਾਲਿਆਂ ਨੇ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਰਾਹੀਂ ਹਜ਼ਾਰਾਂ ਦੀ ਤਾਦਾਦ ਵਿਚ ਇਕੱਤਰ ਸੰਗਤਾਂ ਨਾਲ ਗੁਰਬਾਣੀ ਦੀ ਸਾਂਝ ਪਾਈ।

ਪ੍ਰੋਗਰਾਮ ਦੇ ਅਖੀਰ ਵਿਚ ਪ੍ਰਿੰਸੀਪਲ ਸੁਖਵੰਤ ਸਿੰਘ ਜਵੱਦੀ ਵਾਲੇ (ਲੁਧਿਆਣਾ) ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਮੰਤਰ ਮੁਗਧ ਕੀਤਾ। ਉਨ੍ਹਾਂ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਤੇ ਉਨ੍ਹਾਂ ਦੀਆਂ ਸਹਿਯੋਗੀ ਜਥੇਬੰਦੀਆਂ ਤੇ ਗੁਰੂ ਨਾਨਕ ਨਾਮ-ਲੇਵਾ ਸੰਗਤਾਂ ਨੂੰ ਸਮਾਗਮ ਕਰਵਾਉਣ 'ਤੇ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਕਰਵਾਉਣੇ ਅਜੋਕੇ ਸਮੇਂ ਦੀ ਮੁੱਖ ਲੋੜ ਹਨ ਤਾਂ ਜੋ ਅਸੀਂ ਆਪਣੀ ਨੌਜਵਾਨ ਪੀੜ੍ਹੀ ਨੂੰ ਸਿੱਖ ਵਿਰਸੇ ਨਾਲ ਜੋੜ ਸਕੀਏ। ਸਮਾਗਮ ਦੌਰਾਨ ਸਟੇਜ ਦਾ ਸੰਚਾਲਨ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਦੇ ਸੀਨੀਅਰ ਮੀਤ ਪ੍ਰਧਾਨ ਸੁਰਿੰਦਰਪਾਲ ਸਿੰਘ ਤੇ ਬਲਜਿੰਦਰ ਸਿੰਘ ਸਹਿਗਲ ਨੇ ਬਾਖ਼ੂਬੀ ਨਿਭਾਇਆ।

ਇਸ ਮੌਕੇ ਸੁਰਿੰਦਰਪਾਲ ਸਿੰਘ ਨੇ ਸਮਾਗਮ ਵਿਚ ਪੁੱਜੇ ਕੀਰਤਨੀ ਜਥੇ ਤੇ ਪੰਥ ਦੇ ਪ੍ਰਸਿੱਧ ਵਿਦਵਾਨਾਂ ਤੇ ਸਮਾਗਮ ਵਿਚ ਪੁੱਜੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਸਮਾਗਮ ਦੀ ਸਫਲਤਾ ਲਈ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਧੰਨਵਾਦ ਕਰਦਿਆਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਭਾਈ ਹਰਜਿੰਦਰ ਸਿੰਘ ਸ੍ਰੀ ਨਗਰ ਵਾਲਿਆਂ ਤੇ ਪ੍ਰਿੰਸੀਪਲ ਸੁਖਵੰਤ ਸਿੰਘ ਜਵੱਦੀ ਵਾਲਿਆਂ ਨੂੰ ਦੁਸ਼ਾਲਾ ਤੇ ਸਨਮਾਨ ਚਿੰਨ੍ਹ ਭੇਟ ਕਰ ਕੇ ਵਿਸ਼ੇਸ਼ ਤੌਰ 'ਤੇ ਸੁਸਾਇਟੀ ਦੇ ਅਹੁਦੇਦਾਰਾਂ ਬਲਜੀਤ ਸਿੰਘ ਵਿੱਕੀ ਪ੍ਰਧਾਨ, ਮੇਅਰ ਬਲਜੀਤ ਸਿੰਘ ਚਾਨੀ, ਭੁਪਿੰਦਰ ਸਿੰਘ ਬਬਲੂ, ਜਸਪਾਲ ਸਿੰਘ ਬੱਬੀ, ਗੁਰਸੇਵਕ ਸਿੰਘ ਸੰਨਿਆਸੀ, ਬਲਜਿੰਦਰ ਸਿੰਘ ਸਹਿਗਲ, ਬਲਦੇਵ ਸਿੰਘ ਛਾਬੜਾ, ਸਤਨਾਮ ਸਿੰਘ ਬੀ.ਏ., ਰਣਜੀਤ ਸਿੰਘ ਵਾਲੀਆ, ਜਸਵੀਰ ਸਿੰਘ ਇੰਗਲੈਂਡ, ਉੱਘੇ ਸਮਾਜ ਸੇਵੀ ਇੰਦਰਪਾਲ ਸਿੰਘ ਬੱਬੀ, ਪ੍ਰੇਮ ਚੰਦ ਸ਼ਹਿਰੀ ਪ੍ਰਧਾਨ, ਸਤਪਾਲ ਸਿੰਘ ਤਲਵੰਡੀ ਭਾਈ ਮੈਂਬਰ ਸ਼੍ਰੋਮਣੀ ਕਮੇਟੀ, ਪਰਮਜੀਤ ਸਿੰਘ, ਚਰਨ ਸਿੰਘ ਹੈੱਡ ਗ੍ਰੰਥੀ, ਅਜੀਤ ਸਿੰਘ ਮਰਵਾਹਾ, ਇੰਦਰਪਾਲ ਸਿੰਘ ਗਿੱਲ, ਖੁਸ਼ਵਿੰਦਰਪਾਲ ਸਿੰਘ, ਰਸ਼ਪਾਲ ਸਿੰਘ ਅਰੋੜਾ ਤੋਂ ਇਲਾਵਾ ਸੰਤ ਗੁਰਮੀਤ ਸਿੰਘ ਖੋਸਾ ਕੋਟਲਾ, ਡਾ. ਸੰਤ ਗੁਰਨਾਮ ਸਿੰਘ ਡਰੋਲੀ ਭਾਈ, ਬਾਬਾ ਮਹਿੰਦਰ ਸਿੰਘ ਜਨੇਰ ਟਕਸਾਲ, ਬਾਬਾ ਕਰਨੈਲ ਸਿੰਘ ਹਜ਼ੂਰ ਸਾਹਿਬ ਵਾਲਿਆਂ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਮੰਤਰੀ ਡਾ.ਮਾਲਤੀ ਥਾਪਰ, ਬਰਜਿੰਦਰ ਸਿੰਘ ਮੱਖਣ ਬਰਾੜ ਹਲਕਾ ਇੰਚਾਰਜ ਧਰਮਕੋਟ, ਸਾਬਕਾ ਵਿਧਾਇਕ ਵਿਜੇ ਸਾਥੀ, ਹਲਕਾ ਇੰਚਾਰਜ ਕਾਂਗਰਸ ਮਾਲਵਿਕਾ ਸੂਦ ਸੱਚਰ, ਡਾ. ਪਵਨ ਥਾਪਰ ਸੀਨੀਅਰ ਆਗੂ, ਤਰਸੇਮ ਸਿੰਘ ਮੱਲਾ ਪ੍ਰਧਾਨ ਨਗਰ ਕੌਂਸਲ ਤਲਵੰਡੀ ਭਾਈ, ਸੁੱਚਪਾਲ ਸਿੰਘ ਆੜ੍ਹਤੀ ਤਲਵੰਡੀ ਭਾਈ, ਡਾ. ਜਸਵਿੰਦਰ ਸਿੰਘ ਬਰਾੜ ਸਾਬਕਾ ਡਾਇਰੈਕਟਰ, ਅਮਰਜੀਤ ਸਿੰਘ ਲੰਢੇਕੇ ਜ਼ਿਲ੍ਹਾ ਪ੍ਰਧਾਨ, ਸੰਜੀਤ ਸਿੰਘ ਸਨੀ ਗਿੱਲ ਹਲਕਾ ਇੰਚਾਰਜ ਮੋਗਾ, ਬੂਟਾ ਸਿੰਘ ਦੌਲਤਪੁਰਾ, ਵਿਨੋਦ ਬਾਂਸਲ ਸਾਬਕਾ ਚੇਅਰਮੈਨ, ਹਰੀ ਸਿੰਘ ਖਾਈ ਸੀਨੀਅਰ ਆਗੂ, ਐਡਵੋਕੇਟ ਰਵਿੰਦਰ ਸਿੰਘ ਰਵੀ ਗਰੇਵਾਲ, ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆ, ਰਜਿੰਦਰ ਸਿੰਘ ਡੱਲਾ, ਨਿਧੜਕ ਸਿੰਘ ਬਰਾੜ ਸਾਬਕਾ ਰਾਜ ਸੂਚਨਾ ਕਮਿਸ਼ਨਰ ਪੰਜਾਬ, ਪਰਮਪਾਲ ਸਿੰਘ ਤਖ਼ਤੂਪੁਰਾ ਸਾਬਕਾ ਚੇਅਰਮੈਨ, ਕੇਵਲ ਸਿੰਘ ਸਾਬਕਾ ਐਮ.ਪੀ., ਰਵਿੰਦਰ ਗੋਇਲ ਸੀ.ਏ., ਡਾ. ਪ੍ਰੇਮ ਸਿੰਘ, ਅਰਜਿੰਦਰ ਸਿੰਘ ਸਾਬਕਾ ਐਸ.ਡੀ.ਓ., ਹਰਪਾਲ ਸਿੰਘ ਮੱਕੜ ਸਾਬਕਾ ਮੈਨੇਜਰ ਨੈਸਲੇ, ਕੁਲਦੀਪ ਸਿੰਘ ਗਿਆਨੀ ਬ੍ਰਦਰਜ਼, ਸਰਬਜੀਤ ਸਿੰਘ ਐਡਵੋਕੇਟ, ਮਨਜੀਤ ਸਿੰਘ ਮਿੰਦੀ, ਗੁਰਜਿੰਦਰ ਸਿੰਘ ਧੰਮੂ, ਦਿਲਬਾਗ ਸਿੰਘ ਬਾਗੀ, ਬਲਜਿੰਦਰ ਸਿੰਘ ਮੌਂਟੀ, ਨਵੀਨ ਸਿੰਗਲਾ ਐਮ.ਡੀ. ਗਰੇਟ ਪੰਜਾਬ, ਭਾਵਨਾ ਬਾਂਸਲ ਉੱਘੇ ਸਮਾਜ ਸੇਵੀ, ਡਾ. ਕੁਲਦੀਪ ਸਿੰਘ ਗਿੱਲ ਸਾਬਕਾ ਪ੍ਰਧਾਨ, ਬੀਬੀ ਹਰਜਿੰਦਰ ਕੌਰ ਮੰਜੂ, ਬੀਬੀ ਸੁਰਿੰਦਰ ਕੌਰ ਅਰੋੜਾ, ਬੀਬੀ ਮਨੋਹਰ ਕੌਰ ਸਚਦੇਵਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸ਼ਹਿਰ ਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

# ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪੰਜਾਬੀ ਸੱਭਿਆਚਾਰਕ ਗਾਇਕੀ ਦਾ ਖੁੱਲ੍ਹਾ ਅਖਾੜਾ ਅੱਜ ਤੋਂ

ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਦੇ ਮੈਂਬਰਾਂ ਨੇ ਪ੍ਰੋ. ਮੋਹਨ ਸਿੰਘ ਦੇ ਬੁੱਤ ਨੂੰ ਕੀਤੀ ਸ਼ਰਧਾਂਜਲੀ ਭੇਂਟ



ਲੁਧਿਆਣਾ, 20 ਅਕਤੂਬਰ (ਗਿਆਨ ਸਿੰਘ): ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਵੱਲੋਂ 46ਵੇਂ ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਅੰਤਰਰਾਸ਼ਟਰੀ ਪੰਜਾਬੀ ਸੱਭਿਆਚਾਰਕ ਮੇਲੇ ਦੀ ਫਾਊਂਡੇਸ਼ਨ ਦੇ ਮੈਂਬਰਾਂ ਵੱਲੋਂ ਸਰਪ੍ਰਸਤ ਪ੍ਰਗਟ ਸਿੰਘ ਗਰੇਵਾਲ,
ਪ੍ਰਿਥੀਪਾਲ ਸਿੰਘ ਐਸ.ਪੀ, ਚੇਅਰਮੈਨ ਗੁਰਨਾਮ ਸਿੰਘ ਧਾਲੀਵਾਲ ਅਤੇ ਪ੍ਰਧਾਨ ਰਾਜੀਵ ਕੁਮਾਰ ਲਵਲੀ ਦੀ ਅਗਵਾਈ ਹੇਠ ਯੁਗ ਕਵੀ ਪ੍ਰੋ. ਮੋਹਨ ਸਿੰਘ ਜੀ ਦੇ ਬੁੱਤ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਦੇ ਨਾਲ ਸ਼ੁਰੂਆਤ ਹੋ ਗਈ। ਇਸ ਮੌਕੇ ਪੰਜਾਬੀ ਭਵਨ ਦੇ ਸੈਮੀਨਾਰ ਹਾਲ ਵਿਖੇ ਸੈਮੀਨਾਰ ਅਤੇ ਕਵੀ ਦਰਬਾਰ ਕਰਵ-ਾਇਆ ਗਿਆ। ਜਦਕਿ 21 ਅਕਤੂਬਰ ਨੂੰ ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਈਸਾ ਨਗਰੀ ਪੁਲੀ, ਨੇੜੇ ਸਿਵਿਲ ਹਸਪਤਾਲ, ਲੁਧਿਆਣਾ ਵਿਖੇ ਪੰਜਾਬੀ ਸੱਭਿਆਚਾਰਕ ਗਾਇਕੀ ਦਾ ਖੁੱਲਾ ਅਖਾੜਾ ਲੱਗੇਗਾ।

ਸ਼ਰਧਾਂਜ਼ਲੀ ਭੇਂਟ ਕਰਨ ਮੌਕੇ ਹੋਰਨਾਂ ਤੋਂ ਇਲਾਵਾ, ਫਾਊਂਡੇਸ਼ਨ ਦੇ ਸਕੱਤਰ ਜਨਰਲ ਡਾ. ਨਿਰਮਲ ਜੌੜਾ, ਸਵਾਗਤੀ ਕਮੇਟੀ ਦੇ ਚੇਅਰਮੈਨ ਅਮਰਿੰਦਰ ਸਿੰਘ ਜੱਸੋਵਾਲ ਵੀ ਮੌਜੂਦ ਰਹੇ। ਇਸ ਮੌਕੇ ਫਾਊਂਡੇਸ਼ਨ ਦੇ ਸਰਪ੍ਰਸਤ ਪ੍ਰਗਟ ਸਿੰਘ ਗਰੇਵਾਲ, ਪ੍ਰਿਥੀਪਾਲ ਸਿੰਘ ਐਸ.ਪੀ, ਚੇਅਰਮੈਨ ਗੁਰਨਾਮ ਸਿੰਘ ਧਾਲੀਵਾਲ ਅਤੇ ਪ੍ਰਧਾਨ ਰਾਜੀਵ ਕੁਮਾਰ ਲਵਲੀ ਨੇ ਦੱਸਿਆ ਕਿ
21
ਅਕਤੂਬਰ ਨੂੰ ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਭਿਆਚਾਰਕ ਪ੍ਰੋਗਰਾਮ ਅਤੇ ਸਨਮਾਨ ਸਮਾਰੋਹ ਦਾ ਉਦਘਾਟਨ ਸੂਬੇ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਕਰਨਗੇ। ਇਸ ਦੌਰਾਨ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ, ਕੈਬਨਿਟ ਮੰਤਰੀ ਕੁਲਦੀਪ ਧਾਲੀਵਾਲ, ਗੁਰਮੀਤ ਸਿੰਘ ਖੁੱਡੀਆਂ, ਐਮ.ਪੀ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੀਏਯੂ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਮੁੱਖ ਮਹਿਮਾਨ ਹੋਣਗੇ ਅਤੇ ਸਨਮਾਨਤ ਸ਼ਖਸੀਅਤਾਂ ਨੂੰ ਪੁਰਸਕਾਰ ਪ੍ਰਦਾਨ ਕਰਨਗੇ।

ਉਨ੍ਹਾਂ ਖੁਲਾਸਾ ਕੀਤਾ ਕਿ ਸਨਮਾਨ ਸਮਾਰੋਹ ਉਪਰੰਤ ਜੋਤੀ ਨੂਰਾਂ, ਦੀਪ ਢਿਲੋਂ ਅਤੇ ਜੈਸਮੀਨ, ਲੋਕ ਗਾਇਕ ਰਵਿੰਦਰ ਗਰੇਵਾਲ, ਆਤਮਾ ਬੁਢੇਵਾਲੀਆ, ਜਸਵੰਤ ਸੰਦੀਲਾ, ਸ਼ਾਲਿਨੀ ਜਮਵਾਲ, ਹੈਪੀ ਡੇਹਲੋਂ ਅਤੇ ਲਵ ਮਨਜੋਤ ਵੱਲੋਂ ਸਭਿਅਚਾਰਕ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ। ਪ੍ਰੋਗਰਾਮ ਦਾ ਸੰਚਾਲਨ ਬੀਬਾ ਮੀਨਾ ਮਹਿਰੋਕ ਅਤੇ ਕਰਮਜੀਤ ਗਰੇਵਾਲ ਵੱਲੋਂ
ਕੀਤਾ ਜਾਵੇਗਾ।
ਜਦਕਿ ਸਨਮਾਨ ਸਮਾਰੋਹ ਤੋਂ ਪਹਿਲਾਂ ਨਵਜੋਤ ਸਿੰਘ ਜਰਗ ਅਤੇ ਸਾਥੀਆਂ ਵੱਲੋਂ ਪੰਜਾਬੀ ਰਵਾਇਤੀ ਗਾਇਕੀ ਪੇਸ਼ ਕੀਤੀ ਜਾਵੇਗੀ ਅਤੇ ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਲੋਕ ਨਾਚਾਂ ਦੀ ਪੇਸ਼ਕਾਰੀ ਕੀਤੀ ਜਾਵੇਗੀ। ਜਦਕਿ ਐਤਵਾਰ ਨੂੰ ਫਾਊਂਡੇਸ਼ਨ ਵੱਲੋਂ ਪੰਜਾਬੀ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਪੰਜਾਬੀ ਭਵਨ ਵਿਖੇ ਸੈਮੀਨਾਰ ਕਰਵਾਏ ਗਏ। ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਅਤੇ ਜਨਰਲ ਸਕੱਤਰ ਡਾ. ਗੁਲਜਾਰ ਸਿੰਘ ਪੰਧੇਰ ਨੇ ਦੱਸਿਆ ਕਿ ਡਾ. ਪਾਲ ਕੌਰ ਦੀ ਪ੍ਰਧਾਨਗੀ ਦੌਰਾਨ ਸ਼ੁਰੂਆਤ ਹੋਈ ਅਤੇ ਅਮਰਜੀਤ ਸਿੰਘ ਗਰੇਵਾਲ ਵੱਲੋਂ ਪ੍ਰੋਫੈਸਰ ਮੋਹਨ ਸਿੰਘ ਤੇ ਪੰਜਾਬੀ ਪਿੰਡ ਨਾਲ ਜੁੜਿਆ ਯਾਦਗਾਰੀ ਭਾਸ਼ਣ ਦਿੱਤਾ ਗਿਆ। ਇਸੇ ਦੌਰਾਨ ਉੱਘੇ ਕਵੀਆਂ ਵਿੱਚੋਂ ਡਾ. ਜਗਵਿੰਦਰ ਜੋਧਾ, ਬਲਵਿੰਦਰ ਭਾਰਤੀ, ਬੂਟਾ ਸਿੰਘ ਚੌਹਾਨ, ਜਗਤਾਰ ਸੇਖਾ ਆਦਿ ਵੱਲੋਂ ਆਪਣੇ ਵਿਚਾਰ ਰੱਖੇ ਗਏ।

# ਸਰਸ ਮੇਲਾ-ਦਿਨ ਤੀਸਰਾ: ਪ੍ਰਸ਼ਾਸਨ ਵੱਲੋਂ ਬ੍ਰਹਮਕੁਮਾਰੀਆਂ ਨਾਲ ਮਿਲ ਕੇ ਦਿੱਤਾ ਗਿਆ ਨਸ਼ਿਆਂ ਵਿਰੁੱਧ ਜਾਗਰੂਕਤਾ ਦਾ ਸੁਨੇਹਾ

* ਨਸ਼ਿਆਂ ਵਿਰੁੱਧ ਨਾਟਕ ਪੇਸ਼ ਕਰਕੇ ਅਤੇ ਮੇਲੇ 'ਚ ਚੇਤਨਾ ਰੈਲੀ ਕੱਢ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ ਗਿਆ * ਮੇਲੇ 'ਚ ਲੱਗੀਆਂ ਸਟਾਲਾਂ 'ਚ ਜੋਧਪੁਰ ਦੀਆਂ ਰਾਜਸਥਾਨੀ ਜੁੱਤੀਆਂ ਦੀ ਕਢਾਈ ਦੇ ਕੰਮ ਨੇ ਲੋਕਾਂ ਨੂੰ ਮੋਹਿਆ



ਮੋਹਾਲੀ, 20 ਅਕਤੂਬਰ (ਗਿਆਨ ਸਿੰਘ): ਜ਼ਿਲ੍ਹਾ ਪ੍ਰਸ਼ਾਸਨ ਮੋਹਾਲੀ ਵੱਲੋਂ ਸਰਸ ਮੇਲੇ 'ਤੇ ਬਹੁ-ਭਾਂਤੀ ਸਭਿਆਚਾਰਕ ਪੇਸ਼ਕਾਰੀਆਂ ਅਤੇ ਨਾਮਵਰ ਕਲਾਕਾਰਾਂ ਦੀਆਂ ਸੰਗੀਤਕ ਸ਼ਾਮਾਂ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ
ਨਾਲ ਭਰਪੂਰ ਗਤੀਵਿਧੀਆਂ ਵੀ ਰੋਜ਼ਾਨਾ ਕਰਵਾਈਆਂ ਜਾ ਰਹੀਆਂ ਹਨ।

ਅੱਜ ਬ੍ਰਹਮਕੁਮਾਰੀਆਂ ਦੇ ਸਥਾਨਕ ਆਸ਼ਰਮ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਚੇਤਨਾ ਪੈਦਾ ਕਰਨ ਲਈ ਸਟੇਜ 'ਤੇ ਨਸ਼ਿਆਂ ਖ਼ਿਲਾਫ਼ ਨਾਟਕ ਖੇਡਿਆ ਗਿਆ ਅਤੇ ਬ੍ਰਹਮਕੁਮਾਰੀਆਂ ਵੱਲੋਂ ਅਧਿਆਤਮਵਾਦ ਰਾਹੀਂ ਸਮਾਜਿਕ ਬੁਰਾਈਆਂ 'ਤੇ ਕਾਬੂ ਪਾਉਣ ਦਾ ਸੰਦੇਸ਼ ਦਿੱਤਾ ਗਿਆ। ਬਾਅਦ ਵਿੱਚ ਮੇਲੇ 'ਚ ਚੇਤਨਾ ਰੈਲੀ ਕੱਢ ਕੇ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦਾ ਸੰਦੇਸ਼ ਵੀ ਦਿੱਤਾ ਗਿਆ।

ਐਤਵਾਰ ਦਾ ਦਿਨ ਹੋਣ ਕਾਰਨ ਅੱਜ ਮੇਲੇ 'ਚ ਲੋਕਾਂ ਦੀ ਆਮ ਨਾਲੋਂ ਵੱਧ ਆਮਦ ਦੇਖੀ ਗਈ ਅਤੇ ਲੋਕਾਂ ਵੱਲੋਂ ਮੇਲੇ 'ਚ ਸ਼ਿਲਪਕਾਰੀ ਅਤੇ ਦਸਤਕਾਰੀ ਵਸਤਾਂ ਦੀ ਚੰਗੀ ਖਰੀਦ ਕੀਤੀ ਗਈ। ਮੇਲੇ 'ਚ ਲੱਕੜ ਦੀ ਨਕਾਸ਼ੀ ਵਾਲੀਆਂ ਵਸਤਾਂ, ਮਹੀਨ ਮੀਨਾਕਾਰੀ ਵਾਲੀਆਂ ਤੇ ਤਰਾਸ਼ੀਆਂ ਹੋਈਆਂ ਪੱਥਰ ਦੀਆਂ ਮੂਰਤਾਂ ਤੇ ਵਸਤਾਂ, ਕਢਾਈ ਵਾਲੀਆਂਫੁਲਕਾਰੀਆਂ ਤੇ ਜੁੱਤੀਆਂ, ਅਚਾਰ-ਮੁਰੱਬੇ ਅਤੇ ਕਸ਼ਮੀਰ ਦੇ ਵੱਖਰੇ ਸੁਆਦ ਵਾਲੇ ਕਾਹਵੇ ਦੀਆਂ ਧੁੰਮਾਂ ਪਈਆਂ ਹੋਈਆਂ ਹਨ।

ਜੋਧਪੁਰ ਸ਼ਹਿਰ ਦੇ ਮਹੇਸ਼ ਕੁਮਾਰ ਜੋ ਕਿ ਪੰਜ ਪੀੜੀਆਂ ਤੋਂ ਲਗਾਤਾਰ ਰਾਜਸਥਾਨੀ ਜੁੱਤੀ ਦਾ ਕੰਮ ਕਰ ਰਹੇ ਹਨ, ਦੀ ਸਟਾਲ ਟ੍ਰਾਈਸਿਟੀ ਦੇ ਬਸ਼ਿੰਦਿਆਂ ਲਈ ਪਹਿਲੀ ਪਸੰਦ ਬਣੀ ਹੋਈ ਹੈ। ਮਹੇਸ਼ ਕੁਮਾਰ ਦੇ ਦਾਦਾ ਮਿਸ਼ਰੀ ਲਾਲ ਅਤੇ ਪਿਤਾ ਫਾਹੂ ਲਾਲ ਜੋਧਪੁਰ ਦੇ ਪਿੰਡ ਜਤਰਨ ਦੇ ਰਹਿਣ ਵਾਲੇ ਹਨ ਅਤੇ ਹੱਥੀਂ ਬੱਕਰੇ ਅਤੇ ਊਠ ਦੀ ਖੱਲ ਤੋਂ ਜੁੱਤੀਆਂ ਤਿਆਰ ਕਰਦੇ ਹਨ। ਮਹੇਸ਼ ਕੁਮਾਰ ਦੇ ਨਾਲ਼ ਉਸ ਦੇ ਚਾਚੇ ਦਾ ਮੁੰਡਾ ਮਾਂਗੀ ਲਾਲ ਵੀ ਜੁੱਤੀਆਂ ਦਾ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕੇ ਰਾਜਸਥਾਨੀ ਦੇਸੀ ਜੁੱਤੀ, ਖੁੱਸਾ ਅਤੇ ਨਾਗਰਾ ਸਟਾਇਲ ਦੀਆਂ ਔਰਤਾਂ ਅਤੇ ਬੱਚਿਆਂ ਤੇ ਮਰਦਾਂ ਦੀਆਂ ਜੁੱਤੀਆਂ ਬਣਾਈਆਂ ਜਾਂਦੀਆਂ ਹਨ ਜੋ ਕਿ

ਕਿਸੇ ਸਮੇਂ ਜੋਧਪੁਰ ਦੇ ਮਹਾਰ-ਾਜਾ ਪਰਿਵਾਰ ਦੇ ਲੋਕ ਪਾਉਂਦੇ ਸੀ। ਮਹੇਸ਼ ਕੁਮਾਰ ਵੱਲੋਂ ਬਣਾਈ ਤਿੰਨ ਫੁੱਟ ਲੰਬੀ ਮਹੀਨ ਕਢਾਈ ਵਾਲੀ ਜੁੱਤੀ ਰਾਸ਼ਟਰੀ ਐਵਾਰਡ ਲਈ ਵੀ ਚੁਣੀ ਗਈ ਸੀ।

# ਮੋਹਾਲੀ ਦੇ ਸਰਸ ਮੇਲੇ 'ਚ ਬਹੁ-ਸਭਿਆਚਾਰ ਦੀਆਂ ਵੰਨਗੀਆਂ

* ਰਾਜਸਥਾਨ ਦਾ ਨਗਾੜਾ ਲੋਕ-ਨਾਚ ਮੇਲੇ ਵਿੱਚ ਆ ਰਹੇ ਲੋਕਾਂ ਨੂੰ ਕੀਲ ਰਿਹਾ ਹੈ *ਰਾਜਪੂਤ ਰਾਜਿਆਂ ਦੀ ਜਿੱਤ ਦੇ ਪ੍ਰਤੀਕ ਵਜੋਂ ਨੱਚਿਆਂ ਜਾਂਦਾ ਸੀ ਨਗਾੜਾ ਲੋਕ ਨਾਚ



ਮੋਹਾਲੀ, 20 ਅਕਤੂਬਰ (ਗਿਆਨ ਸਿੰਘ): ਮੋਹਾਲੀ ਦੀ ਧਰਤੀ ਉੱਤੇ ਪਹਿਲੀ ਵਾਰ ਲੱਗੇ ਸਰਸ ਮੇਲੇ ਦੌਰਾਨ ਮੇਲੇ ਦੇਖਣ ਆ ਰਹੇ ਮੇਲੀਆਂ ਦਾ ਸਵਾਗਤ ਪੂਰਬੀ ਰਾਜਸਥਾਨ ਦੇ ਭਰਤਪੁਰ ਡੀਂਗ ਖੇਤਰ ਦੇ ਨਗਾੜਾ ਕਲਾਕਾਰ ਨਗਾੜਾ ਵਜਾਉਂਦੇ ਹੋਏ ਲੋਕ-ਨਾਚ ਨਾਲ ਕਰਦੇ ਹਨ। ਮੇਲੇ 'ਚ ਸੱਭਿਆਚਾਰਕ ਪੇਸ਼ਕਾਰੀਆਂ ਦੇ ਇੰਚਾਰਜ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਅਨੁਸਾਰ ਦੇਸ਼ ਦੇ ਬਹੁ-ਭਾਂਤੀ ਸਭਿਆਚਾਰ ਨੂੰ ਹੁਲਾਰਾ ਦੇਣ ਲਈ ਵੱਖ-ਵੱਖ ਸੂਬਿਆਂ ਦੇ ਲੋਕ ਕਲਾਕਾਰਾਂ ਨੂੰ ਵਿਸ਼ੇਸ਼ ਤੌਰ 'ਤੇ ਮੇਲੇ
ਵਿੱਚ ਬੁਲਾਇਆ ਗਿਆ ਹੈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਹਿੰਦੁਸਤਾਨ ਦੀਆਂ ਅਮੀਰ ਲੋਕ ਕਲਾਵਾਂ ਤੇ ਲੋਕ ਗੀਤਾਂ ਅਤੇ ਲੋਕ-ਨਾਚਾਂ ਦੇ ਰੂਬਰੂ ਕਰਵ-ਾਇਆ ਜਾ ਸਕੇ।

ਮੇਲੇ ਵਿੱਚ ਪਹੁੰਚੇ ਨਗਾੜਾ ਗਰੁੱਪ ਬਾਰੇ ਜਾਣਕਾਰੀ ਦਿੰਦਿਆ ਗਰੁੱਪ ਲੀਡਰ ਸ਼ਾਹਰੁਖ ਅਨੁਸਾਰ ਇਹ ਲੋਕ-ਨਾਚ ਉਹਨਾਂ ਦੇ ਪੁਰਖਿਆਂ ਵੱਲੋਂ ਮੁਗਲਾਂ ਅਤੇ ਰਾਜਪੂਤ ਰਾਜਿਆਂ ਦੇ ਸਮੇਂ ਤੋਂ ਚੱਲਿਆ ਆ ਰਿਹਾ ਹੈ। ਜਦੋਂ ਰਾਜਪੂਤ ਰਾਜਾ ਰਾਣਾ ਸਾਂਗਾ ਦੀ ਮੁਗ਼ਲਾਂ ਨਾਲ ਖਾਨਵਾ ਦੇ ਮੈਦਾਨ ਵਿੱਚ ਲੜਾਈ ਹੋਈ ਸੀ, ਉਸ ਮੌਕੇ ਜਿੱਤ ਦੀ ਖੁਸ਼ੀ ਦੇ ਪ੍ਰਤੀਕ ਵਜੋਂ ਨਗਾੜਾ ਲੋਕ-ਨਾਚ, ਬਹਾਦਰੀ ਦੀ ਗਾਥਾ ਨੂੰ ਪੇਸ਼ ਕਰਨ ਲਈ ਕੀਤਾ ਗਿਆ ਸੀ। ਉਸ ਤੋਂ ਬਾਅਦ ਰਾਜਪੂਤ ਘਰਾਣਿਆਂ ਵਿੱਚ ਹਰ ਖੁਸ਼ੀ ਦੇ ਮੌਕੇ ਨਗਾੜਾ ਵਜਾ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਇਹ ਲੋਕ-ਨਾਚ ਰਾਜਸਥਾਨ ਤੋਂ ਇਲਾਵਾ ਉੱਤਰ ਪ੍ਰਦੇਸ਼ ਵਿੱਚ ਵੀ ਪ੍ਰਚੱਲਿਤ ਹੈ। ਇਸ ਲੋਕ-ਨਾਚ ਵਿੱਚ ਨਗਾੜਾ-ਨਗਾੜੀ, ਢੋਲਕ, ਖੰਜਰੀ, ਮਜੀਰਾ, ਝੰਡੀ ਅਤੇ ਹਾਰਮੋਨੀਅਮ ਆਦਿ ਲੋਕ-ਸਾਜ਼ਾਂ ਦੀ ਵਰਤੋਂ ਕਰਦੇ ਹੋਏ ਨਾਇਕ ਅਤੇ ਨਾਇਕਾ ਦੇ ਰੂਪ ਵਿੱਚ ਕਲਾਕਾਰਾਂ ਵੱਲੋਂ ਨਾਚ ਪੇਸ਼ ਕੀਤਾ ਜਾਂਦਾ ਹੈ।

ਇਨ੍ਹਾਂ ਕਲਾਕਾਰਾਂ ਵੱਲੋਂ ਮੇਲਾ ਅਫਸਰ-ਕਮ- ਵਧੀਕ ਡਿਪਟੀ ਕਮਿਸ਼ਨਰ ਸੋਨਮ ਚੌਧਰੀ ਦਾ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਇਸ ਮੇਲੇ ਦੀ ਉਹ ਧਰਤੀ ਜੋ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਲਾਸਾਨੀ ਬਹਾਦਰੀ ਦੇ ਪ੍ਰਤੀਕ ਵਜੋਂ ਜਾਣੀ ਜਾਂਦੀ ਹੈ, ਵਿੱਚ ਸ਼ਾਮਿਲ ਹੋਣ ਦਾ ਮੌਕਾ ਦਿੱਤਾ ਅਤੇ ਉਨ੍ਹਾਂ ਨਗਾੜਾ ਵਜਾ ਕੇ ਉਨ੍ਹਾਂ ਸ਼ਹੀਦਾਂ ਦੀ ਧਰਤੀ 'ਤੇ ਬਹਾਦਰੀ ਦੇ ਗੀਤ ਸੁਣਾਉਣ ਦਾ ਮੌਕਾ ਮਿਲਿਆ।



# ਮਹਾਰਾਸ਼ਟਰ, ਝਾਰਖੰਡ ਦੇ ਨਾਲ ਪੰਜਾਬ ਦੀਆਂ ਚਾਰ ਸੀਟਾਂ ਲਈ ਚੋਣਾਂ



ਜਤਿੰਦਰ ਪਨੂੰ ਦੀ ਕਲਮ ਤੋਂ

ਚੋਣ ਸਰਗਰਮੀਆਂ ਵਿੱਚ ਲਗਾਤਾਰ ਰੁੱਝਿਆ ਦਿੱਸਣ ਵਾਲੇ ਭਾਰਤ ਵਿੱਚ ਦੋ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਦੀ ਪ੍ਰਕਿਰਿਆ ਸ਼ੁਰੂ ਹੋਣ ਨਾਲ ਚੋਣਾਂ ਦਾ ਇੱਕ ਨਵਾਂ ਦੌਰ ਚੱਲ ਪਿਆ ਹੈ। ਇਨ੍ਹਾਂ ਵਿੱਚੋਂ ਮਹਾਰਾਸ਼ਟਰ ਭਾਰਤ ਦਾ ਦੂਸਰਾ ਸਭ ਤੋਂ ਵੱਡਾ ਰਾਜ ਹੈ। ਭਾਰਤ ਦੀ ਪਾਰਲੀਮੈਂਟ ਦੇ ਹੇਠਲੇ ਹਾਊਸ ਲੋਕ ਸਭਾ ਵਿਚਲੇਸਭ ਤੋਂ ਵੱਧ ਅੱਸੀ ਮੈਂਬਰ ਇੱਕੋ ਰਾਜ ਉੱਤਰ ਪ੍ਰਦੇਸ਼ ਤੋਂ ਆਉਂਦੇ ਹਨ ਤੇ ਦੂਸਰਾ ਨੰਬਰ ਮਹਾਰਾਸ਼ਟਰ ਦਾ ਹੈ, ਜਿੱਥੋਂ ਦੇ ਅਠਤਾਲੀ ਮੈਂਬਰ ਹੁੰਦੇ ਹਨ। ਬਤਾਲੀ ਲੋਕ ਸਭਾ ਮੈਂਬਰਾਂ ਨਾਲ ਤੀਸਰਾ ਵੱਡਾ ਰਾਜ ਪੱਛਮੀ ਬੰਗਾਲ ਹੈ। ਬਿਹਾਰ ਨਾਲੋਂ ਕੱਟ ਕੇ ਬਣਾਏ ਹੋਏ ਝਾਰਖੰਡ ਵਿੱਚ ਵੀ ਇਸ ਵਾਰ ਮਹਾਰਾਸ਼ਟਰ ਦੇ ਨਾਲ ਵਿਧਾਨ ਸਭਾ ਚੋਣ ਕਰਵਾਈ ਜਾਣੀ ਹੈ, ਜਿਸ ਦੀਆਂ ਇਕਾਸੀ ਸੀਟਾਂ ਹਨ ਅਤੇ ਇਨ੍ਹਾਂ ਦੋਵਾਂ ਰਾਜਾਂ ਨਾਲ ਕਈ ਹੋਰ ਰਾਜਾਂ ਵਿੱਚ ਖਿੱਲਰੀਆਂ ਹੋਈਆਂ ਲੋਕ ਸਭਾ ਅਤੇ ਵਿਧਾਨ ਸਭਾਵਾਂ ਦੀਆਂਖਾਲੀ ਸੀਟਾਂ ਲਈ ਵੀ ਚੋਣਾਂ ਹੋਣੀਆਂ ਹਨ। ਕਿਸੇ ਮੈਂਬਰ ਦੀ ਮੌਤਹੋਣ ਜਾਂ ਕਿਸੇ ਵਿਰੁੱਧ ਅਦਾਲਤੀ ਹੁਕਮ ਆਉਣ ਨਾਲ ਸੀਟਾਂ ਖਾਲੀ ਹੋਣ ਜਾਂ ਕਿਸੇ ਵਿਧਾਇਕ ਦੇ ਲੋਕ ਸਭਾ ਮੈਂਬਰ ਚੁਣੇ ਜਾਣ ਮਗਰੋਂ ਵਿਧਾਨ ਸਭਾ ਤੋਂ ਅਸਤੀਫਾ ਦੇਣ ਦੇ ਕਾਰਨ ਖਾਲੀ ਹੋਈਆਂ ਜਿਨ੍ਹਾਂ ਸੀਟਾਂ ਲਈ ਉੱਪ ਚੋਣਾਂ ਕਰਵਾਈਆਂ ਜਾਣਗੀਆਂ, ਇਨ੍ਹਾਂ ਵਿੱਚ ਪੰਜਾਬ ਦੀਆਂ ਛੇ ਸੀਟਾਂ ਵੀ ਸ਼ਾਮਲ ਹਨ।

ਪਿਛਲੀ ਵਾਰ ਦੀਆਂ ਚੋਣਾਂ ਵਿੱਚ ਭਾਜਪਾ ਅਤੇ ਸ਼ਿਵ ਸੈਨਾ ਇੱਕੋ ਗੱਠਜੋੜ ਵਿੱਚ ਸਨ, ਪਰ ਚੋਣਾਂ ਮਗਰੋਂ ਦੋਵਾਂ ਦਾ ਸਰਕਾਰ ਦੀ ਅਗਵਾਈ ਦੇ ਸਵਾਲ ਉੱਤੇ ਝਗੜਾ ਪੈ ਗਿਆ ਸੀ। ਓਦੋਂ ਭਾਜਪਾ ਤੋਂ ਤੰਗ ਆਈ ਸ਼ਿਵ ਸੈਨਾ ਨੇ ਕਾਂਗਰਸ ਤੇ ਨੈਸ਼ਨਲਿਸਟ ਕਾਂਗਰਸ ਪਾਰਟੀ (ਐੱਨ ਸੀ ਪੀ) ਨਾਲ ਗੱਲ ਚਲਾਈ ਤਾਂ ਭਾਜਪਾ ਨੇ ਐੱਨ ਸੀ ਪੀ ਦੇ ਮੁਖੀ ਸ਼ਰਦ ਪਵਾਰ ਦੀ ਪਾਰਟੀ ਨੂੰ ਢਾਹ ਲਾਈ ਤੇ ਉਸ ਦਾ ਭਤੀਜਾ ਅਜੀਤ ਪਵਾਰ ਡਿਪਟੀ ਮੁੱਖ ਮੰਤਰੀ ਬਣਾ ਕੇ ਅੱਧੀ ਰਾਤ ਸਰਕਾਰ ਬਣਾ ਲਈ। ਜਿੰਨੀ ਤੇਜ਼ੀ ਨਾਲ ਉਹ ਸਰਕਾਰ ਬਣਾਈ ਸੀ, ਦੂਸਰੀਆਂ ਧਿਰਾਂ ਦੇ ਇਕੱਠੇ ਹੋਣ ਤੇ ਅਜੀਤ ਪਵਾਰ ਦੇ ਪਿੱਛੇ ਮੁੜ ਜਾਣ ਨਾਲ ਓਸੇ ਤੇਜ਼ੀ ਨਾਲ ਟੁੱਟ ਗਈ ਅਤੇ ਸ਼ਿਵ ਸੈਨਾ ਦੇ ਮੁਖੀ ਊਧਵ ਠਾਕਰੇ ਦੀ ਅਗਵਾਈ ਹੇਠ ਤਿੰਨ ਪਾਰਟੀਆਂ ਦੇ ਗੱਠਜੋੜ ਦੀ ਸਾਂਝੀ ਸਰਕਾਰ ਬਣ ਗਈ। ਭਾਜਪਾ ਨੇ ਉਸ ਵਿੱਚ ਫਿਰ ਢਾਹ ਲਾਈ ਅਤੇ ਸ਼ਿਵ ਸੈਨਾ ਦਾ ਵੱਡਾ ਹਿੱਸਾ ਉਸ ਨਾਲੋਂ ਤੋੜ ਕੇ ਉਨ੍ਹਾਂ ਦੇ ਨੇਤਾ ਏਕਨਾਥ ਸ਼ਿੰਦੇ ਦੀ ਅਗਵਾਈ ਵਿੱਚ ਸਰਕਾਰ ਬਣਾਈ ਅਤੇ ਉਸ ਦਾ ਡਿਪਟੀ ਮੁੱਖ ਮੰਤਰੀ ਆਪਣਾ ਦਵਿੰਦਰ ਫੜਨਵੀਸ ਬਣਵਾ ਕੇ ਸਰਕਾਰ ਅਮਲ ਵਿੱਚ ਭਾਜਪਾ ਚਲਾਉਂਦੀ ਰਹੀ। ਕੁਝ ਚਿਰ ਪਿੱਛੋਂ ਫਿਰ ਅਜੀਤ ਪਵਾਰ ਇੱਕ ਹੋਰ ਦਲਬਦਲੀ ਕਰ ਕੇ ਭਾਜਪਾ ਨਾਲ ਜਾ ਜੁੜਿਆ ਤੇ ਓਧਰੋਂ ਡਿਪਟੀ ਮੁੱਖ ਮੰਤਰੀ ਬਣ ਕੇ ਆਪਣੇ ਚਾਚੇ ਅਤੇ ਪਾਰਟੀ ਦੋਵਾਂ ਦੇ ਖਿਲਾਫ ਭਾਜਪਾ ਦੇ ਹਮਲੇ ਦਾ ਅਗਵਾਨੂੰ ਬਣ ਗਿਆ। ਜਦੋਂ ਇਸ ਵੇਲੇ ਓਥੇ ਵਿਧਾਨ ਸਭਾ ਚੋਣ ਦਾ ਐਲਾਨ ਹੋ ਚੁੱਕਾ ਹੈ, ਭਾਜਪਾ ਦੇ ਕੁਝ ਵਿਧਾਇਕ ਤੇ ਮੰਤਰੀ ਉਸ ਨੂੰ ਛੱਡਦੇ ਜਾ ਰਹੇ ਹਨ ਅਤੇ ਕੁਝ ਏਕਨਾਥ ਸ਼ਿੰਦੇ ਦੇ ਸਾਥੀਆਂ ਨੇ ਪਾਰਟੀ ਛੱਡ ਕੇ ਸ਼ਿਵ ਸੈਨਾ ਵੱਲ ਜਾਣਾ ਸ਼ੁਰੂ ਕਰ ਦਿੱਤਾ ਹੈ। ਭਾਜਪਾ ਦੀ ਹਾਲਤ ਮਹਾਰਾਸ਼ਟਰ ਵਿੱਚ ਓਦਾਂ ਦੀ ਹੈ, ਜਿੱਦਾਂ ਦੀ ਹਰਿਆਣੇ ਵਿੱਚ ਸੀ, ਪਰ ਇਹ ਗੱਲ ਯਾਦ ਰੱਖਣੀ ਚਾਹੀਦੀ ਹੈ ਕਿ ਏਦਾਂ ਦੇ ਹਾਲਾਤ ਵਿੱਚ ਕਾਂਗਰਸ ਦੇ ਅੰਦਰ ਮੁੱਖ ਮੰਤਰੀ ਬਣਨ ਦੀ ਦੌੜ ਨੇ ਜਿਵੇਂ ਹਰਿਆਣੇ ਵਿੱਚ ਉਸ ਨੂੰ ਡੋਬਿਆ ਹੈ, ਇਹੀ ਕੁਝ ਮਹਾਰਾਸ਼ਟਰ ਵਿੱਚ ਵੀ ਹੋ ਸਕਦਾ ਹੈ। ਕਾਂਗਰਸ ਦੀ ਹਾਈ ਕਮਾਨ ਇਸ ਮਾਮਲੇ ਵਿੱਚ ਬਹੁਤੀ ਅਸਰਦਾਰ ਅਜੇ ਤੱਕ ਵੀਨਹੀਂ ਹੋਈ। ਦੂਸਰਾ ਰਾਜ ਝਾਰਖੰਡ ਪਹਿਲਾਂ ਬਿਹਾਰ ਦਾ ਹਿੱਸਾ ਹੁੰਦਾ ਸੀ ਤੇ ਇਸ ਵਿੱਚ ਕੁਦਰਤੀ ਖਜ਼ਾਨਿਆਂ ਵਾਲੀਆਂ ਖਾਣਾਂ ਏਨੀਆ ਹਨ ਕਿ ਢੰਗ ਨਾਲ ਵਰਤਿਆ ਜਾਵੇ ਤਾਂ ਖੁਸ਼ਹਾਲ ਹੋ ਸਕਦਾ ਹੈ। ਵੱਖਰਾ ਰਾਜ ਬਣਨ ਮਗਰੋਂਬਦਕਿਸਮਤੀ ਨਾਲ ਇਸ ਨੂੰ ਬਿਹਾਰ ਦੇ ਭ੍ਰਿਸ਼ਟਾਚਾਰੀਏ ਲੀਡਰਾਂ ਤੋਂ ਚੰਗੇ ਆਗੂ ਨਹੀਂ ਮਿਲ ਸਕੇ ਤੇ ਰਾਜ ਤਰੱਕੀ ਵੱਲ ਅੱਗੇ ਵਧਣ ਦੀ ਥਾਂ ਗਰੀਬੀ ਵਾਲੇ ਅੱਡੇ ਉੱਤੇ ਖੜਾ ਖੜਾਹੀ ਨਜ਼ਰ ਆਉਂਦਾ ਹੈ। ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੂੰ ਓਥੋਂ ਦੀਆਂ ਵਿਰੋਧੀ ਪਾਰਟੀਆਂ ਦੇ ਆਗੂਆਂ ਦਾ ਭ੍ਰਿਸ਼ਟਾਚਾਰ ਫਿੱਟ ਬੈਠਦਾ ਹੈ। ਇਹ ਗੱਲ ਕੋਈ ਨਹੀਂ ਕਹਿੰਦਾ ਕਿ ਭਾਜਪਾ ਦੇ ਆਗੂ ਭ੍ਰਿਸ਼ਟਾਚਾਰੀ ਨਹੀਂ, ਸਗੋਂ ਹੋਰਨਾਂ ਤੋਂ ਵੱਧ ਦੱਸੇ ਜਾਂਦੇ ਹਨ, ਪਰ ਇੱਕ ਤਾਂ ਉਨ੍ਹਾਂ ਨੂੰ ਬੇਈਮਾਨੀ ਕਰਨ ਦੇ ਲੁਕਵੇਂ ਢੰਗ ਵਰਤਣ ਦੀ ਵੱਧ ਸੂਝ ਹੈ ਤੇ ਦੂਸਰਾ ਕੇਂਦਰ ਦੀਆਂ ਜਿਨ੍ਹਾਂ ਏਜੰਸੀਆਂ ਨੇ ਕਾਰਵਾਈ ਕਰਨ ਲਈ ਆਉਣਾ ਹੁੰਦਾ ਹੈ, ਕੇਂਦਰ ਵਿੱਚ ਉਨ੍ਹਾਂ ਦੀ ਆਪਣੀ ਸਰਕਾਰ ਹੋਣ ਕਾਰਨ ਉਹ ਉਨ੍ਹਾਂ ਤੋਂ ਉਹ ਬਚੇ ਰਹਿੰਦੇ ਹਨ। ਇਸ ਵਕਤ ਓਥੇ ਝਾਰਖੰਡ ਮੁਕਤੀ ਮੋਰਚਾ ਦੀ ਸਰਕਾਰ ਅਤੇ ਮੁੱਖ ਮੰਤਰੀ ਹੇਮੰਤ ਹੈ, ਪਰ ਪਿਛਲੇ ਸਾਲ ਉਸ ਦੀ ਗ੍ਰਿਫਤਾਰੀ ਜਿਹੜੇ ਢੰਗ ਨਾਲ ਭਾਜਪਾ ਦੀ ਕੇਂਦਰੀ ਸਰਕਾਰ ਦੇ ਇਸ਼ਾਰੇ ਉੱਤੇ ਕੇਂਦਰੀ ਏਜੰਸੀਆਂ ਨੇ ਕੀਤੀ ਅਤੇ ਅਦਾਲਤ ਨੇ ਉਸ ਨੂੰ ਜ਼ਮਾਨਤ ਉੱਤੇ ਛੱਡਣ ਲਈ ਹੁਕਮ ਦਿੱਤਾ, ਉਸ ਨਾਲ ਉਹ ਉਸ ਰਾਜ ਦੇ ਲੋਕਾਂ ਵਾਸਤੇਉਹ ਪੀੜਤ ਹੋ ਗਿਆ ਹੈ। ਭਾਜਪਾ ਵਾਲੇ ਕਹਿੰਦੇ ਹਨ ਕਿ ਹੇਮੰਤ ਦੇ ਕਾਰਨ ਇਸ ਰਾਜ ਦੀ ਬਦਨਾਮੀ ਹੋਈ ਹੈ ਤੇ ਝਾਰਖੰਡ ਮੁਕਤੀ ਮੋਰਚਾ ਦੇ ਆਗੂ ਇਹ ਗੱਲ ਲੋਕਾਂ ਕੋਲ ਪੁਚਾ ਰਹੇ ਹਨ ਕਿ ਭਾਜਪਾ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਵੀ ਗ੍ਰਿਫਤਾਰ ਕਰਵਾਇਆ ਸੀ,ਉਸ ਨੂੰ ਵੀ ਅਦਾਲਤ ਨੇ ਜ਼ਮਾਨਤ ਦਿੱਤੀ ਹੈ, ਦੋਵਾਂ ਨਾਲ ਜ਼ਿਆਦਤੀ ਕੀਤੀ ਗਈ ਹੈ। ਇਸ ਹਾਲ ਵਿੱਚ ਉਸ ਰਾਜ ਵਿੱਚ ਵਿਧਾਨ ਸਭਾ ਚੋਣਾਂ ਇਸ ਵਾਰੀ ਭ੍ਰਿਸ਼ਟਾਚਾਰ ਦੇ ਦੋਸ਼ਾਂ ਅਤੇ ਭ੍ਰਿਸ਼ਟਾਚਾਰ ਬਹਾਨੇ ਵਿਰੋਧੀ ਪਾਰਟੀਆਂ ਖਿਲਾਫ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਦੇ ਮੁੱਦੇ ਉੱਤੇ ਲੜੇ ਜਾਣ ਦੀ ਸੰਭਾਵਨਾ ਬਣ ਗਈ ਹੈ। ਹਰਿਆਣੇ ਵਿਚਲੀ ਜਿੱਤ ਦੇ ਹੁਲਾਰੇ ਨਾਲ ਭਾਜਪਾ ਝਾਰਖੰਡ ਵਿੱਚ ਵੀ ਸਿਆਸੀ ਪਲਟੀ ਮਾਰਨ ਵਾਸਤੇ ਤਿਆਰੀਆਂ ਕਰਦੀ ਸੁਣੀ ਜਾਂਦੀ ਹੈ, ਪਰ ਹਾਲਾਤ ਨਾ ਹਾਲ ਦੀ ਘੜੀ ਉਸ ਦੇ ਹੱਕ ਵਿੱਚ ਸੁਣੀਂਦੇ ਹਨ ਅਤੇ ਨਾ ਉਸ ਦੇ ਵਿਰੋਧੀਆਂ ਦੇ ਪੱਖ ਵਿੱਚ। ਝਾਰਖੰਡ ਵਿੱਚ ਆਮ ਲੋਕ ਚੋਣਾਂ ਦੀ ਗੱਲ ਬਹੁਤੀ ਅਜੇ ਨਹੀਂ ਕਰਦੇ, ਅਗਲੇ ਮਹੀਨੇ ਦੀ ਤੇਰਾਂ ਤਰੀਕ ਨੂੰ ਵੋਟਾਂ ਪੈਣੀਆਂ ਹਨ, ਉਸ ਦੇ ਕਰੀਬ ਜਾ ਕੇ ਪਤਾ ਲੱਗੇਗਾ ਕਿ ਉਸ ਰਾਜ ਦੇ ਆਮ ਲੋਕ ਇਸ ਵਾਰੀ ਕਿਸ ਪਾਰਟੀ ਵੱਲ ਝੁਕਣ ਦੇ ਰੌਂਅ ਵਿੱਚ ਹੋ ਸਕਦੇ ਹਨ।

ਇਨ੍ਹਾਂ ਦੋਵਾਂ ਰਾਜਾਂ ਨਾਲ ਹੋਰ ਕਿਹੜੇ ਰਾਜ ਵਿੱਚ ਕਿਸ ਲੋਕ ਸਭਾ ਜਾਂ ਵਿਧਾਨ ਸਭਾ ਸੀਟ ਲਈ ਉੱਪ ਚੋਣ ਵਾਸਤੇ ਐਲਾਨ ਕੀਤਾ ਗਿਆ ਹੈ, ਇਸ ਦੀ ਚੀਰ-ਪਾੜ ਕਰਨ ਦੀ ਥਾਂ ਅਸੀਂ ਪੰਜਾਬ ਦੀਆਂ ਉਨ੍ਹਾਂ ਚਾਰ ਸੀਟਾਂ ਦੀ ਗੱਲ ਕਰਨ ਦੀ ਲੋੜ ਸਮਝਦੇ ਹਾਂ, ਜਿੱਥੇ ਉਪਰੋਕਤ ਦੋਵਾਂ ਰਾਜਾਂ ਦੀਆਂ ਚੋਣਾਂਨਾਲ ਉੱਪ ਚੋਣਾਂ ਹੋਣੀਆਂ ਹਨ। ਏਸੇ ਸਾਲ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੇ ਚਾਰ ਵਿਧਾਇਕ ਜਿੱਤ ਕੇ ਪਾਰਲੀਮੈਂਟ ਵਿੱਚ ਚਲੇ ਗਏ ਸਨ ਅਤੇ ਉਨ੍ਹਾਂ ਵਾਲੀਆਂ ਡੇਰਾ ਬਾਬਾ ਨਾਨਕ, ਚੱਬੇਵਾਲ, ਬਰਨਾਲਾ ਅਤੇ ਗਿੱਦੜਬਾਹਾ ਦੀਆਂ ਸੀਟਾਂ ਉੱਤੇ ਉੱਪ ਚੋਣ ਹੋਣੀ ਹੈ। ਅਕਾਲੀ ਦਲ ਨੇ ਸੁੱਚਾ ਸਿੰਘ ਲੰਗਾਹ ਨੂੰ ਪਾਰਟੀ ਵਿੱਚ ਵਾਪਸ ਲੈ ਕੇ ਇਸ਼ਾਰਾ ਕਰ ਦਿੱਤਾ ਸੀ ਕਿ ਉਹ ਡੇਰਾ ਬਾਬਾ ਨਾਨਕ ਤੋਂ ਚੋਣ ਲੜ ਸਕਦਾ ਹੈ, ਪਰ ਵਿਰਸਾ ਸਿੰਘ ਵਲਟੋਹਾ ਦੇ ਮੁੱਦੇ ਦਾ ਖਿਲਾਰਾ ਪੈਣ ਮਗਰੋਂ ਪਾਰਟੀ ਉਸ ਬਾਰੇ ਜੱਕੋਤੱਕੀ ਵਿੱਚ ਸੁਣੀਂਦੀ ਹੈ। ਬਾਕੀ ਧਿਰਾਂ ਨੇ ਹਾਲੇ ਇਸ ਹਲਕੇ ਬਾਰੇ ਸੰਕੇਤ ਨਹੀਂ ਦਿੱਤਾ ਤੇ ਭਾਜਪਾ ਸਮੇਤ ਕਿਸੇ ਧਿਰ ਨੇ ਚੱਬੇਵਾਲ, ਗਿੱਦੜਬਾਹਾ ਤੇ ਬਰਨਾਲਾ ਬਾਰੇ ਵੀ ਅਜੇ ਤੱਕ ਪੱਤੇ ਨਹੀਂ ਖੋਲ੍ਹੇ। ਕੁਝ ਅੰਦਾਜ਼ਾ ਲੱਗ ਸਕਦਾ ਹੈ ਤਾਂ ਸਿਰਫ ਗਿੱਦੜਬਾਹੇ ਬਾਰੇ ਲੱਗਦਾ ਹੈ। ਓਥੇ ਭਾਜਪਾ ਵੱਲੋਂ ਮਨਪ੍ਰੀਤ ਸਿੰਘ ਬਾਦਲ ਦੀ ਚਰਚਾ ਚੱਲ ਰਹੀ ਹੈ। ਪਹਿਲਾਂ ਚਰਚਾ ਸੀ ਕਿ ਐਤਕੀਂ ਉਹ ਆਪਣੇ ਚਚੇਰੇ ਭਰਾ ਸੁਖਬੀਰ ਸਿੰਘ ਬਾਦਲ ਨਾਲ ਸੰਬੰਧ ਸੁਧਾਰ ਕੇ ਅਕਾਲੀ ਦਲ ਵੱਲੋਂ ਇਹ ਚੋਣ ਲੜ ਸਕਦਾ ਹੈ, ਪਰ ਅਕਾਲੀ ਆਗੂ ਹਰਦੀਪ ਸਿੰਘ ਡਿੰਪੀ ਨੇ ਜਦੋਂ ਅਕਾਲੀ ਦਲ ਤੋਂ ਬਗਾਵਤ ਕੀਤੀ ਤੇ ਇਹ ਸਾਰੀ ਕਹਾਣੀ ਜਨਤਕ ਕਰ ਦਿੱਤੀ ਤਾਂ ਮਨਪ੍ਰੀਤ ਸਿੰਘ ਬਾਦਲ ਨੇ ਅਕਾਲੀ ਦਲ ਦੀ ਥਾਂ ਭਾਜਪਾ ਵੱਲੋਂ ਚੋਣ ਲੜਨ ਦੇ ਸੰਕੇਤ ਦੇਣੇ ਸ਼ੁਰੂ ਕਰ ਦਿੱਤੇ ਸਨ। ਅਕਾਲੀ ਦਲ ਵਿੱਚ ਚਰਚਾ ਹੈ ਕਿ ਜੇ ਸੁਖਬੀਰ ਸਿੰਘ ਬਾਦਲ ਨੇ ਰਾਜਨੀਤੀ ਵਿੱਚ ਆਪਣੀ ਖੁੱਸੀ ਹੋਈ ਸਾਖ ਫਿਰ ਕਾਇਮ ਕਰਨੀ ਹੋਵੇ ਤਾਂ ਬਹੁਤ ਲੰਮਾ ਸਮਾਂ ਆਪਣੇ ਬਾਪ ਦਾ ਹਲਕਾ ਰਹੇ ਗਿੱਦੜਬਾਹਾ ਦੀ ਉੱਪ ਚੋਣ ਲੜੇ ਅਤੇ ਜਿੱਤੇ, ਵਰਨਾ ਲਾਂਭੇ ਧੱਕਿਆ ਜਾਵੇਗਾ। ਇਸ ਲਈ ਚਰਚਾ ਹੈ ਕਿ ਜੇ ਕੋਈ ਵੱਡਾ ਵਿਘਨ ਨਾ ਪਿਆ ਤਾਂ ਅਕਾਲੀ ਉਮੀਦਵਾਰ ਸੁਖਬੀਰ ਸਿੰਘ ਬਾਦਲ ਹੀ ਹੋਵੇਗਾ। ਇਸ ਨਾਲ ਓਥੇ ਦੋਵਾਂ ਭਰਾਵਾਂ ਵਿੱਚ ਸਿੰਗ ਫਸਣ ਦੀ ਨੌਬਤ ਆ ਸਕਦੀ ਹੈ, ਜਿਸ ਦਾ ਲਾਭ ਮੁਕਾਬਲੇ ਵਿੱਚ ਖੜੇ ਹੋਰਨਾਂ ਧਿਰਾਂ ਦੇ ਉਮੀਦਵਾਰਾਂ ਵਿੱਚੋਂ ਕਿਸੇ ਨੂੰ ਮਿਲ ਸਕਦਾ ਹੈ, ਪਰ ਤਸਵੀਰ ਅਜੇ ਤੱਕ ਪੂਰੀ ਸਾਫ ਨਹੀਂ ਹੋ ਸਕੀ।

ਹਾਲਾਤ ਪੰਜਾਬ ਦੇ ਵੀ ਅਤੇ ਦੇਸ਼ ਦੇ ਵੀ ਜਿਸ ਤਰ੍ਹਾਂ ਪਲ-ਪਲ ਬਦਲਦੇ ਰਹਿੰਦੇ ਹਨ, ਕੱਲ੍ਹ ਨੂੰ ਕੀ ਹੋਵੇਗਾ, ਇਹ ਤਾਂ ਇੱਕ ਪਾਸੇ ਰਹਿ ਗਿਆ, ਘੜੀ ਕੁ ਤੱਕ ਕੀ ਹੋ ਜਾਵੇਗਾ, ਇਹ ਵੀ ਕਹਿਣਾ ਸੌਖਾ ਨਹੀਂ। ਜਿਹੜੀ ਗੱਲ ਇਹ ਚੋਣ ਸ਼ੁਰੂ ਹੋਣ ਦੇ ਵਕਤ ਸਾਫ ਦਿੱਸਦੀ ਹੈ, ਉਹ ਇਹ ਕਿ ਆਖਰ ਨੂੰ ਨਤੀਜਾ ਕਿਸੇ ਵੀ ਧਿਰ ਦੇ ਪੱਖ ਵਿੱਚ ਨਿਕਲੇ, ਆਰੰਭਤਾ ਦੇ ਵਕਤ ਅਕਾਲੀ ਦਲ ਦੀ ਲੀਡਰਸ਼ਿਪ ਜਿੰਨਾ ਫਸਿਆ ਕੋਈ ਨਹੀਂ ਜਾਪਦਾ। ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਲਈ ਉੱਪ ਚੋਣਾਂ ਨਾਲ ਇਸ ਰਾਜ ਦੀ ਰਾਜਨੀਤੀ ਉੱਤੇ ਵੀ ਬਹੁਤ ਵੱਡਾ ਅਸਰ ਪੈ ਸਕਦਾ ਹੈ, ਪਰ ਸਭ ਤੋਂ ਵੱਡਾ ਅਸਰ ਇਹ ਸਮਝਿਆ ਜਾ ਰਿਹਾ ਹੈ ਕਿ ਇਸ ਨਾਲ ਅਕਾਲੀ ਦਲ ਦੀ ਮੌਜੂਦਾ ਲੀਡਰਸ਼ਿਪ ਦੇ ਰਾਜਨੀਤੀ ਵਿੱਚ ਰਹਿਣ ਜਾਂ ਬਾਹਰ ਕਰ ਦਿੱਤੇ ਜਾਣ ਵਾਲੇ ਹਾਲਾਤ ਬਣ ਸਕਦੇ ਹਨ। ਇਸ ਲਈ ਇਸ ਰਾਜ ਦੇ ਲੋਕਾਂ ਦਾ ਧਿਆਨ ਮਹਾਰਾਸ਼ਟਰ ਅਤੇ ਝਾਰਖੰਡ ਦੀਆਂ ਵਿਧਾਨ ਸਭਾਵਾਂ ਦੇ ਨਤੀਜਿਆਂ ਵੱਲ ਓਨਾ ਨਹੀਂ ਹੋਣਾ, ਜਿੰਨਾ ਇਨ੍ਹਾਂ ਚਾਰ ਸੀਟਾਂ ਵੱਲ ਲੱਗਾ ਰਹੇਗਾ।

# ਬਾਜ਼ਾਰ ਤਿਉਹਾਰਾਂ ਦੀ ਵਿਕਰੀ 'ਤੇ ਨਿਰਭਰ ਕਰਦਾ ਹੈ

-ਵਿਜੈ ਗਰਗ-



ਗਰਬਾ ਡਾਂਡੀਆ, ਨਵਰਾਤਰੀ, ਰਾਮਲੀਲਾ, ਦੁਸਹਿਰਾ, ਦੀਵਾਲੀ - ਇਹ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵੱਖ-ਵੱਖ ਸ਼ੈਲੀਆਂ ਵਿੱਚ ਜਸ਼ਨ ਮਨਾਉਣ ਦਾ ਮੌਸਮ ਹੈ। ਇੰਨਾ ਹੀ ਨਹੀਂ, ਇਹ ਸਿਰਫ ਇਕ ਟ੍ਰੇਲਰ ਹੈ, ਕਿਉਂਕਿ ਫਿਰ ਦੀਵਾਲੀ ਤੋਂ ਲੈ ਕੇ ਕ੍ਰਿਸਮਿਸ ਅਤੇ ਨਵੇਂ ਸਾਲ ਤੱਕ ਦੇ ਪੂਰੇ ਸਮੇਂ ਨੂੰ ਤਿਉਹਾਰਾਂ ਦਾ ਸੀਜ਼ਨ ਕਿਹਾ ਜਾਂਦਾ ਹੈ। ਇਹ ਪਰੰਪਰਾ ਹੈ ਕਿ ਭਾਰਤ ਦੇ ਬਹੁਤੇ ਤਿਉਹਾਰ ਕਿਸੇ ਨਾ ਕਿਸੇ ਰੂਪ ਵਿੱਚ ਵਾਢੀ ਨਾਲ ਸਬੰਧਤ ਹਨ, ਯਾਨੀ ਇਹ ਤਿਉਹਾਰ ਸਿਰਫ਼ ਸ਼ਹਿਰਾਂ ਵਿੱਚ ਹੀ ਨਹੀਂ, ਸਗੋਂ ਪਿੰਡਾਂ ਜਾਂ ਪੂਰੇ ਭਾਰਤ ਵਿੱਚ ਵੀ ਮਨਾਇਆ ਜਾਂਦਾ ਹੈ। ਮਾਮਲਾ ਸਿਰਫ਼ ਪਰਿਵਾਰ ਤੱਕ ਸੀਮਤ ਨਹੀਂ ਹੈ।ਜਦੋਂ ਤੁਸੀਂ ਤਿਉਹਾਰਾਂ ਦੇ ਮੂਡ ਵਿੱਚ ਆਉਂਦੇ ਹੋ, ਤਾਂ ਤੁਸੀਂ ਤਿਆਰੀ ਅਤੇ ਖਰੀਦਦਾਰੀ ਵੀ ਸ਼ੁਰੂ ਕਰ ਦਿੰਦੇ ਹੋ। ਇਸ ਲਈ ਤੁਹਾਡੇ ਆਲੇ-ਦੁਆਲੇ ਦੇ ਦੁਕਾਨਦਾਰਾਂ ਤੋਂ ਲੈ ਕੇ ਦੇਸ਼ ਅਤੇ ਦੁਨੀਆ ਦੀਆਂ ਵੱਡੀਆਂ ਕੰਪਨੀਆਂ ਤੱਕ ਹਰ ਕੋਈ ਇਸ ਸੀਜ਼ਨ ਦਾ ਇੰਤਜ਼ਾਰ ਕਰਦਾ ਹੈ। ਮੌਜੂਦਾ ਸਾਲ ਖਾਸ ਹੈ ਕਿਉਂਕਿ ਪਿਛਲੇ ਕਈ ਸਾਲਾਂ ਤੋਂ ਤੇਜ਼ ਆਰਥਿਕ ਵਿਕਾਸ ਦੇ ਬਾਵਜੂਦ, ਇਹ ਸਵਾਲ ਬਣਿਆ ਹੋਇਆ ਹੈ ਕਿ ਮੰਗ ਭਾਰਤੀ ਬਾਜ਼ਾਰਾਂ ਵਿੱਚ ਕਦੋਂ ਵਾਪਸ ਆਵੇਗੀ। ਇੱਕ ਚੌਲ ਤੋਂ ਪੂਰੇ ਘੜੇ ਦਾ ਹਿਸਾਬ ਲਗਾਉਣ ਵਾਲਿਆਂ ਨੂੰ ਪਹਿਲਾਂ ਹੀ ਨਮੂਨਾ ਮਿਲ ਚੁੱਕਾ ਹੈ। ਸਤੰਬਰ ਦੇ ਅੰਤ ਵਿੱਚ, ਐਮਾਜ਼ਾਨ, ਫਲਿੱਪਕਾਰਟ ਅਤੇ ਹੋਰ ਪਲੇਟਫਾਰਮਾਂ ਵਰਗੇ ਦਿੱਗਜਾਂ ਨੇ ਭਾਰੀ ਵਿਕਰੀ ਦਾ ਆਯੋਜਨ ਕੀਤਾ। ਵੱਡੇ ਅਰਬ ਡੀਗ੍ਰੇਟ ਇੰਡੀਅਨ ਫੈਸਟੀਵਲ 27 ਸਤੰਬਰ ਤੋਂ ਸ਼ੁਰੂ ਹੋਇਆ ਸੀ, ਪਰ ਇਹ ਪ੍ਰਾਈਮ ਅਤੇ ਪਲੱਸ ਵਰਗੇ ਵਫਾਦਾਰੀ ਪ੍ਰੋਗਰਾਮਾਂ ਦੇ ਮੈਂਬਰਾਂ ਲਈ ਇੱਕ ਦਿਨ ਪਹਿਲਾਂ ਖੋਲ੍ਹਿਆ ਗਿਆ ਸੀ। ਅੰਕੜੇ ਇਹ ਸਾਹਮਣੇ ਆਏ ਹਨ ਕਿ ਇਕ ਹਫਤੇ 'ਚ ਆਨਲਾਈਨ ਰਿਟੇਲ ਕੰਪਨੀਆਂ ਨੇ 55 ਹਜ਼ਾਰ ਕਰੋੜ ਰੁਪਏ ਜਾਂ ਕਰੀਬ ਸਾਢੇ ਛੇ ਅਰਬ ਡਾਲਰ ਦਾ ਸਾਮਾਨ ਵੇਚਿਆ। ਇਹ ਪਿਛਲੇ ਸਾਲ ਦੀ ਇਸੇ ਵਿਕਰੀ ਨਾਲੋਂ 26 ਫੀਸਦੀ ਜ਼ਿਆਦਾ ਹੈ ਪਰ ਵੱਡੀ ਗੱਲ ਇਹ ਹੈ ਕਿ ਇਸ ਸਾਲ ਤਿਉਹਾਰੀ ਸੀਜ਼ਨ 'ਚ ਮਾਹਿਰਾਂ ਵੱਲੋਂ ਅਨੁਮਾਨਿਤ ਕੁੱਲ ਵਿਕਰੀ 'ਚੋਂ ਅੱਧੀ ਤੋਂ ਵੱਧ ਵਿਕਰੀ ਦੁਸਹਿਰੇ ਤੋਂ ਪਹਿਲਾਂ ਹੀ ਹੋ ਚੁੱਕੀ ਸੀ। ਵਿਕਰੀ ਗਣਿਤ ਏਕੀਕਰਣਬਾਜ਼ਾਰ ਖੋਜ ਏਜੰਸੀਆਂ ਨੇ ਅੰਦਾਜ਼ਾ ਲਗਾਇਆ ਸੀ ਕਿ ਇਸ ਤਿਉਹਾਰੀ ਸੀਜ਼ਨ 'ਚ ਕਰੀਬ 12 ਅਰਬ ਡਾਲਰ ਦੀ ਵਿਕਰੀ ਹੋਵੇਗੀ, ਜੋ ਪਿਛਲੇ ਸਾਲ ਦੇ ਮੁਕਾਬਲੇ ਕਰੀਬ 30 ਫੀਸਦੀ ਜ਼ਿਆਦਾ ਹੈ। ਪਰ ਪਹਿਲੇ ਹੀ ਹਫ਼ਤੇ ਵਿਕਰੀ ਦੀ ਰਫ਼ਤਾਰ ਉਮੀਦਾਂ ਤੋਂ ਵੱਧ ਗਈ। ਆਨਲਾਈਨ ਵਿਕਰੀ ਦਾ ਜ਼ਿਆਦਾਤਰ ਹਿੱਸਾ ਮੋਬਾਈਲ ਫੋਨ, ਇਲੈਕਟ੍ਰਾਨਿਕਸ ਅਤੇ ਫੈਸ਼ਨ 'ਤੇ ਖਰਚ ਕੀਤਾ ਗਿਆ ਹੈ।

ਹਾਲਾਂਕਿ, ਉਸੇ ਹਫਤੇ ਦੇ ਅੰਦਰ ਖਬਰ ਇਹ ਹੈ ਕਿ ਸ਼ੁਰੂਆਤੀ ਉਛਾਲ ਤੋਂ ਬਾਅਦ, ਹਫਤੇ ਦੇ ਅੰਤ ਤੱਕ ਵਿਕਰੀ ਠੰਡਾ ਹੋਣ ਲੱਗੀ। ਬਾਜ਼ਾਰ ਖੋਜਕਰਤਾਵਾਂ ਅਤੇ ਇਸ ਕਾਰੋਬਾਰ ਨਾਲ ਜੁੜੇ ਲੋਕਾਂ ਦਾ ਵੀ ਮੰਨਣਾ ਹੈ ਕਿ ਇਹ ਵਿਕਰੀ ਇਸੇ ਤਰ੍ਹਾਂ ਚੱਲਦੀ ਹੈ। ਸ਼ੁਰੂਭਾਰਤ ਵਿੱਚ ਮਹਿੰਗੀਆਂ ਚੀਜ਼ਾਂ ਜਲਦੀ ਵਿਕ ਜਾਂਦੀਆਂ ਹਨ ਅਤੇ ਇਸ ਤੋਂ ਬਾਅਦ ਲੋਕ ਸਸਤੀਆਂ ਚੀਜ਼ਾਂ ਦੀ ਭਾਲ ਸ਼ੁਰੂ ਕਰ ਦਿੰਦੇ ਹਨ। ਇਸ ਦੇ ਬਾਵਜੂਦ ਜਿਸ ਰਫਤਾਰ ਨਾਲ ਵਿਕਰੀ ਹੋਈ, ਉਸ ਕਾਰਨ ਲੋਕਾਂ 'ਚ ਉਤਸ਼ਾਹ ਦੀ ਲਹਿਰ ਹੈ।" ਖਪਤਕਾਰ ਬਾਜ਼ਾਰ ਵਿੱਚ ਮਾਹੌਲ ਨੂੰ ਸੁਧਾਰਨਾ ਕਈ ਕਾਰਨਾਂ ਕਰਕੇ ਜ਼ਰੂਰੀ ਹੈ, ਕਿਉਂਕਿ ਇਸ ਤੋਂ ਪਹਿਲਾਂ ਚਿੰਤਾ ਅਤੇ ਤਣਾਅ ਦੇ ਕਈ ਸੰਕੇਤ ਆ ਚੁੱਕੇ ਹਨ ਜਾਂ ਅੱਗੇ ਖੜ੍ਹੇ ਹਨ। ਸਤੰਬਰ 'ਚ ਜੀਐੱਸਟੀ ਕੁਲੈਕਸ਼ਨ ਦਾ ਅੰਕੜਾ ਸਿਰਫ਼ 6.5 ਫ਼ੀਸਦੀ ਵਧਿਆ ਹੈ, ਜਦੋਂ ਕਿ ਪਹਿਲਾਂ ਇਹ 10 ਫ਼ੀਸਦੀ ਤੋਂ ਉੱਪਰ ਦਾ ਵਾਧਾ ਦਰਸਾ ਰਿਹਾ ਸੀ। ਉਦਯੋਗਿਕ ਉਤਪਾਦਨ ਨੇ ਵੀ ਕਮਜ਼ੋਰੀ ਦਿਖਾਉਣੀ ਸ਼ੁਰੂ ਕਰ ਦਿੱਤੀ ਅਤੇ ਪਰਚੇਜ਼ਿੰਗ ਮੈਨੇਜਰ ਇੰਡੈਕਸ ਅੱਠ ਮਹੀਨਿਆਂ ਦੇ ਸਭ ਤੋਂ ਹੇਠਲੇ ਪੱਧਰ 'ਤੇ ਰਿਹਾ।ਤੱਕ ਪਹੁੰਚ ਗਿਆ ਹੈ। ਇਹ ਸੂਚਕਾਂਕ ਵੱਡੀਆਂ ਕੰਪਨੀਆਂ ਵਿੱਚ ਖਰੀਦ ਪ੍ਰਬੰਧਕਾਂ ਵਿਚਕਾਰ ਇੱਕ ਸਰਵੇਖਣ ਕਰ ਕੇ ਤਿਆਰ ਕੀਤਾ ਜਾਂਦਾ ਹੈ। ਉਨ੍ਹਾਂ ਦੇ ਵਿਗੜ ਰਹੇ ਮੂਡ ਦਾ ਮਤਲਬ ਹੈ ਕਿ ਕੰਪਨੀਆਂ ਘੱਟ ਖਰੀਦਦਾਰੀ ਕਰ ਰਹੀਆਂ ਹਨ। ਅਜਿਹਾ ਉਦੋਂ ਹੀ ਹੋਵੇਗਾ ਜਦੋਂ ਉਨ੍ਹਾਂ ਦਾ ਮਾਲ ਬਾਜ਼ਾਰ 'ਚ ਨਹੀਂ ਵਿਕ ਰਿਹਾ ਜਾਂ ਉਨ੍ਹਾਂ ਨੂੰ ਨਵੇਂ ਆਰਡਰ ਨਹੀਂ ਮਿਲ ਰਹੇ। ਇਸੇ ਤਰ੍ਹਾਂ ਕਾਰ ਬਾਜ਼ਾਰ 'ਚ ਲਗਾਤਾਰ ਤਿੰਨ ਮਹੀਨਿਆਂ ਤੋਂ ਵਿਕਰੀ ਡਿੱਗਣ ਦੀ ਖਬਰ ਹੈ। ਉਹ ਵੀ ਉਦੋਂ ਜਦੋਂ ਕਾਰਾਂ 'ਤੇ ਕਈ ਤਰ੍ਹਾਂ ਦੀਆਂ ਛੋਟਾਂ ਅਤੇ ਤੋਹਫ਼ਿਆਂ ਦੀਆਂ ਪੇਸ਼ਕਸ਼ਾਂ ਹਰ ਰੋਜ਼ ਅਖ਼ਬਾਰਾਂ ਵਿੱਚ ਛਪ ਰਹੀਆਂ ਹਨ। ਸਥਿਤੀ ਚਿੰਤਾਜਨਕ ਹੈ, ਇਸੇ ਲਈ ਹੁਣ ਅਰਥਸ਼ਾਸਤਰੀਆਂ ਦੀਆਂ ਉਮੀਦਾਂ ਦੋ ਗੱਲਾਂ 'ਤੇ ਟਿਕੀ ਹੋਈਆਂ ਹਨ।ਮੌਨਸੂਨ ਦੇ ਪ੍ਰਭਾਵ ਦਾ ਮਤਲਬ ਚੰਗੀ ਫ਼ਸਲ ਹੋਣਾ ਹੈ ਅਤੇ ਆਮ ਆਦਮੀ ਦੀ ਜੇਬ 'ਤੇ ਬਾਜ਼ਾਰ 'ਚ ਖ਼ਰੀਦਦਾਰੀ ਵਧਣ ਦੀ ਉਮੀਦ ਹੈ . ਸਾਉਣੀ ਦੀ ਬਿਜਾਈ ਦੇ ਅੰਕੜਿਆਂ ਤੋਂ ਪਹਿਲੀ ਉਮੀਦ ਪੂਰੀ ਹੁੰਦੀ ਨਜ਼ਰ ਆ ਰਹੀ ਹੈ। 27 ਸਤੰਬਰ ਤੱਕ 11 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਫ਼ਸਲਾਂ ਦੀ ਬਿਜਾਈ ਹੋਣ ਦੀਆਂ ਖ਼ਬਰਾਂ ਹਨ। ਇਹ ਆਮ ਨਾਲੋਂ ਬਿਹਤਰ ਬਿਜਾਈ ਹੈ।

ਹਾਲਾਂਕਿ, ਦੇਸ਼ ਦੇ ਕੁਝ ਹਿੱਸਿਆਂ ਵਿੱਚ ਅਸਧਾਰਨ ਬਾਰਸ਼ ਕਾਰਨ ਫਸਲਾਂ ਦੇ ਨੁਕਸਾਨ ਦੀਆਂ ਖਬਰਾਂ ਹਨ ਅਤੇ ਸਿਰਫ ਬਿਜਾਈ ਚੰਗੀ ਫਸਲ ਦੀ ਗਾਰੰਟੀ ਨਹੀਂ ਹੈ। ਪਰ ਇੱਥੇ ਕਹਾਣੀ ਖੇਤੀ ਨਾਲੋਂ ਖਰੀਦਦਾਰੀ ਦੀ ਜ਼ਿਆਦਾ ਹੈ। ਚੰਗੀ ਫ਼ਸਲ ਦਾ ਮਤਲਬ ਇਹ ਵੀ ਹੈ ਕਿ ਪਿੰਡਾਂ ਵਿੱਚ ਜਾਂਆਲੇ-ਦੁਆਲੇ ਦੇ ਬਾਜ਼ਾਰਾਂ ਵਿੱਚ ਵਿਕਰੀ ਵਧੇਗੀ ਜਾਂ ਲੋਕ ਖਰੀਦਦਾਰੀ ਲਈ ਬਾਹਰ ਜਾਣਗੇ। ਹੁਣ ਦੇਸ਼ ਅਤੇ ਦੁਨੀਆ ਦੀਆਂ ਉਮੀਦਾਂ ਇਸ 'ਤੇ ਟਿਕੀਆਂ ਹੋਈਆਂ ਹਨ। ਵਿਸ਼ਵ ਬੈਂਕ ਨੇ ਪੂਰੇ ਦੱਖਣੀ ਏਸ਼ੀਆ ਲਈ ਵਿਕਾਸ ਅਨੁਮਾਨ ਵਿੱਚ ਵਾਧਾ ਕੀਤਾ ਹੈ ਅਤੇ ਇਸਦੀ ਉਮੀਦ ਦਾ ਮੁੱਖ ਆਧਾਰ ਭਾਰਤ ਵਿੱਚ ਘਰੇਲੂ ਮੰਗ ਵਿੱਚ ਵਾਧਾ ਹੈ। ਪਰ ਇੱਕ ਹੋਰ ਚੁਣੌਤੀ ਵੀ ਸਾਹ-ਮਣੇ ਖੜ੍ਹੀ ਹੈ। ਆਨਲਾਈਨ ਸ਼ਾਪਿੰਗ ਕਾਰਨ ਫੈਸ਼ਨ ਅਤੇ ਇਲੈਕਟ੍ਰੋਨਿਕਸ ਵਰਗੀਆਂ ਚੀਜ਼ਾਂ ਦੇ ਦੁਕਾਨਦਾਰਾਂ ਖਾਸਕਰ ਛੋਟੇ ਦੁਕਾਨਦਾਰਾਂ ਦਾ ਕਾਰੋਬਾਰ ਕਾਫੀ ਪ੍ਰੇਸ਼ਾਨੀ 'ਚ ਹੈ। ਮਾਲਾਂ ਵਿੱਚ ਬਣੇ ਵੱਡੇ ਸਟੋਰ ਵੱਡੀ ਵਿਕਰੀ ਚਲਾ ਕੇ ਗਾਹਕਾਂ ਨੂੰ ਆਕਰ-ਸ਼ਤਿ ਕਰਨ ਦੀ ਕੋਸ਼ਿਸ਼ ਕਰਦੇ ਹਨ।ਹਨ, ਪਰ ਛੋਟੇ ਲੋਕ ਮੁਸੀਬਤ ਵਿੱਚ ਹਨ। ਦੂਜੇ ਪਾਸੇ, ਗਾਹਕਾਂ ਲਈ ਅਸਲੀ ਅਤੇ ਨਕਲੀ ਵਿਕਰੀ ਵਿੱਚ ਫਰਕ ਕਰਨਾ ਬਹੁਤ ਮੁਸ਼ਕਲ ਹੈ। ਹਰ ਦੋ ਸਾਲ, ਇੱਕ ਉੱਦਮੀ ਰਿਪੋਰਟਰ ਇੱਕ ਵੱਡੀ ਚੇਨ ਵਿੱਚ ਜਾਂਦਾ ਹੈ, ਫੋਟੋਆਂ ਲੈਂਦਾ ਹੈ ਅਤੇ ਸਬੂਤ ਦੇ ਨਾਲ ਰਿਪੋਰਟ ਕਰਦਾ ਹੈ ਕਿ ਇਹ ਲੋਕ ਕਿਵੇਂ ਕੀਮਤਾਂ ਵਧਾ ਰਹੇ ਹਨ ਅਤੇ ਜਾਅਲੀ ਵਿਕਰੀ ਸਥਾਪਤ ਕਰ ਰਹੇ ਹਨ। ਕਈ ਵਾਰ ਤੁਸੀਂ ਖੁਦ ਕੀਮਤ ਦੇ ਸਟਿੱਕਰ ਨੂੰ ਹਟਾ ਕੇ ਦੇਖ ਸਕਦੇ ਹੋ ਕਿ ਅਸਲ ਕੀਮਤ ਕੀ ਸੀ। ਇਸ ਤੋਂ ਇਲਾਵਾ ਤਿਉਹਾਰੀ ਸੀਜ਼ਨ ਦੌਰਾਨ ਖਰੀਦਦਾਰੀ ਲਈ ਇਕ ਹੋਰ ਵੱਡੀ ਥਾਂ ਸਰਾਫਾ ਬਾਜ਼ਾਰ ਜਾਂ ਗਹਿਣਿਆਂ ਦੀ ਦੁਕਾਨ ਹੈ। ਸ਼ੌਕ, ਸ਼ੁਭ ਸ਼ਗਨ ਅਤੇ ਇੱਕੋ ਸਮੇਂ ਨਿਵੇਸ਼ਵੀ. ਇਸ ਮੌਸਮ ਵਿੱਚ ਸੋਨੇ, ਚਾਂਦੀ ਅਤੇ ਗਹਿਣਿਆਂ ਦਾ ਬਾਜ਼ਾਰ ਵੀ ਚਮਕਦਾ ਹੈ। ਕਾਰਨ ਇਹ ਵੀ ਹੈ ਕਿ ਇਸ ਸਮੇਂ ਵਿਆਹਾਂ ਦਾ ਸੀਜ਼ਨ ਵੀ ਆ ਜਾਂਦਾ ਹੈ।

ਇਸ ਸਮੇਂ ਸੋਨੇ ਦੀ ਕੀਮਤ ਅਸਮਾਨ ਨੂੰ ਛੂਹ ਰਹੀ ਹੈ, ਇਹ ਚਿੰਤਾ ਦਾ ਵਿਸ਼ਾ ਹੋ ਸਕਦਾ ਹੈ। ਪਰ ਬਹੁਤ ਸਾਰੇ ਲੋਕ ਇਹ ਵੀ ਦੇਖ ਰਹੇ ਹਨ ਕਿ ਪਿਛਲੇ ਦੋ-ਤਿੰਨ ਸਾਲਾਂ ਵਿੱਚ, ਜਿਨ੍ਹਾਂ ਲੋਕਾਂ ਨੇ ਸੋਨੇ ਵਿੱਚ ਪੈਸਾ ਲਗਾਇਆ ਹੈ, ਉਨ੍ਹਾਂ ਨੂੰ ਹੋਰ ਨਿਵੇਸ਼ਾਂ ਦੇ ਮੁਕਾਬਲੇ ਵਧੀਆ ਮੁਨਾਫਾ ਹੋਇਆ ਹੈ। ਫਿਰ ਇਸ ਕਾਰੋਬਾਰ ਦਾ ਵੱਡਾ ਹਿੱਸਾ ਪੁਰਾਣੇ ਗਹਿਣਿਆਂ ਦੇ ਬਦਲੇ ਨਵੇਂ ਗਹਿਣੇ ਖਰੀਦ ਕੇ ਵੀ ਕੀਤਾ ਜਾਂਦਾ ਹੈ, ਜਿਸ ਦੀ ਕੀਮਤ 'ਤੇ ਕੋਈ ਖਾਸ ਅਸਰ ਨਹੀਂ ਹੁੰਦਾ। ਭਾਵ ਤਸਵੀਰ ਵਿੱਚ ਚਿੰਤਾ ਕਰਨ ਵਾਲੀ ਚੀਜ਼ ਹੈ।ਨਿਸ਼ਚਿਤ ਲਾਈਨਾਂ ਹਨ, ਪਰ ਉਮੀਦ ਵੀ ਹੈ ਕਿ ਤਿਉਹਾਰ ਨਾ ਸਿਰਫ਼ ਸਾਡੇ ਪਰਿਵਾਰਾਂ ਵਿੱਚ, ਸਗੋਂ ਦੇਸ਼ ਦੀ ਆਰਥਿਕਤਾ ਵਿੱਚ ਵੀ ਖੁਸ਼ੀਆਂ ਲੈ ਕੇ ਆਉਣਗੇ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਸਟਰੀਟ ਕੌਰ ਚੰਦ ਐਮ.ਐਚ.ਆਰ ਮਲੋਟ ਪੰਜਾਬ।




PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

The Mortgage Centre
We work for *you*, not the lenders.




| Debt Consolidation | Renovations & Repairs | Avoiding High penalities |
|---|---|---|

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com

URGENTLY NEED NEW LISTINGS IN THIS AREA

RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH



1500-2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸਾਂਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE



2000-2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION



900-999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੈਂਟ, ਨਵੇਂ ਲੈਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ,
2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500-2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE

- ✓ Full MLS Services
- ✓ Consistently Marketing Your Property Until SOLD
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold
- ✓ Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)
Off: 905-456-3232
"(Based on units sold & commissions)" "Some Conditions Apply.
"Seller" & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022